ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਵੀਰਵਾਰ, 29 ਫਰਵਰੀ 2024 (ਨਾਨਕਸ਼ਾਹੀ ਸੰਮਤ : ੫੫੫, ੧੭ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਟੁੱਟਿਆ ਡੇਰਾ ਬਿਆਸ ਸਤਿਸੰਗ ਨੂੰ ਜਾਣ ਵਾਲਾ 100 ਸਾਲ ਤੋਂ ਵੱਧ ਪੁਰਾਣਾ ਪੁੱਲ, ਮਚੀ ਹਫੜਾ-ਦਫੜੀ

ਹੁਸ਼ਿਆਰਪੁਰ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)- ਅੱਜ ਸਵੇਰੇ ਉਸ ਸਮੇਂ ਮਾਹੌਲ ਹਫੜਾ ਦਫੜੀ ਮੱਚ ਗਈ ਜਦੋਂ ਇਕ ਬਜਰੀ ਨਾਲ ਭਰਿਆ ਓਵਰਲੋਡ ਟਿੱਪਰ ਮੋੜ ਕੱਟਣ ਲਈ ਪੁੱਲ ਦੇ ਉੱਪਰੋਂ ਲੰਘਣ ਲੱਗਾ ਤਾਂ ਟਰੱਕ ਦਾ ਭਾਰ ਜ਼ਿਆਦਾ ਹੋਣ ਕਰਕੇ ਪੁੱਲ ਹੇਠਾਂ ਡਿੱਗ ਪਿਆ। ਉਕਤ ਪੁੱਲ ਡੇਰਾ ਬਿਆਸ ਸਤਿਸੰਗ ਭਵਨ ਨੂੰ ਜਾਣ ਵਾਲੇ ਰਸਤੇ ਨੂੰ ਜੋੜਦਾ ਸੀ। ਪੁੱਲ ਡਿੱਗਣ ਨਾਲ ਟਰੱਕ ਯੂਨੀਅਨ ਅਤੇ ਸਤਿਸੰਗ ਬਿਆਸ ਡੇਰੇ ਵੱਲੋਂ ਰੋਸ ਜਤਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਅੱਜ ਸਵੇਰੇ 11 ਵਜੇ ਦੇ ਕਰੀਬ ਇਕ ਓਵਰਲੋਡ ਟਿੱਪਰ ਗੜ੍ਹਸ਼ੰਕਰ ਤੋਂ ਮਾਹਿਲਪੁਰ ਵੱਲ ਨੂੰ ਆ ਰਿਹਾ ਸੀ ਜਦੋਂ ਉਹ ਮਾਹਿਲਪੁਰ ਦੇ ਮੁੱਖ ਚੌਂਕ ਵਿਚ ਪਹੁੰਚਿਆ ਤਾਂ ਟਰੱਕ ਦੀ ਲੰਬਾਈ ਜ਼ਿਆਦਾ ਹੋਣ ਕਰਕੇ ਉਸ ਨੂੰ ਮੁੜਨ ਦੀ ਤੰਗੀ ਆ ਰਹੀ ਸੀ ਅਤੇ ਉਸ ਨੂੰ ਮੌਕੇ 'ਤੇ ਮੌਜੂਦ ਪੁਲਸ ਮੁਲਾਜ਼ਮਾਂ ਵੱਲੋਂ ਸ਼ਹਿਰ ਦੇ ਬਾਹਰ ਮੋੜ ਕੱਟਣ ਲਈ ਭੇਜ ਦਿੱਤਾ ਗਿਆ ਜਦੋਂ ਟਿੱਪਰ ਮੋੜ ਕੱਟਣ ਲਈ ਟਰੱਕ ਯੂਨੀਅਨ ਤੇ ਸਤਿਸੰਗ ਬਿਆਸ ਡੇਰੇ ਵੱਲ ਜਾਣ ਵਾਲਾ ਪੁੱਲ੍ਹ 'ਤੇ ਪਹੁੰਚਿਆ ਤਾਂ 100 ਸਾਲ ਪੁਰਾਣਾ ਪੁਲ ਟਰੱਕ ਦਾ ਭਾਰ ਜ਼ਿਆਦਾ ਹੋਣ ਕਰਕੇ ਡਿੱਗ ਪਿਆ ਅਤੇ ਪੁੱਲ ਡਿੱਗਣ ਨਾਲ ਟਰੱਕ ਯੂਨੀਅਨ ਅਤੇ ਸਤਿਸੰਗ ਬਿਆਸ ਡੇਰੇ ਦੇ ਸੰਗਤਾਂ ਵਿਚ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਥਾਣਾ ਮਾਹਿਲਪੁਰ ਦੀ ਪੁਲਸ ਨੇ ਬਿਨਾਂ ਉਨ੍ਹਾਂ ਦੇ ਪ੍ਰਧਾਨ ਅਤੇ ਹੋਰ ਮੈਂਬਰਾਂ ਨੂੰ ਪੁੱਛੇ ਟਿੱਪਰ ਨੂੰ ਖਾਲੀ ਕਰਨ ਲੱਗ ਪਏ। ਉਨ੍ਹਾਂ ਨੇ ਦੱਸਿਆ ਕਿ ਜੇਕਰ ਟਰੱਕ ਮੌਕੇ ਤੋਂ ਚਲਾ ਗਿਆ ਤਾਂ ਉਨ੍ਹਾਂ ਦੀ ਕੋਈ ਵੀ ਸੁਣਵਾਈ ਨਹੀਂ ਹੋਵੇਗੀ।

## ਹੁਣ ਅਫ਼ਸਰਾਂ ਹੱਥ ਪਿੰਡਾਂ ਦੀ ਕਮਾਨ

# ਪੰਜਾਬ ਸਰਕਾਰ ਨੇ ਭੰਗ ਕੀਤੀਆਂ ਸੂਬੇ ਦੀਆਂ ਪੰਚਾਇਤਾਂ

**ਚੰਡੀਗੜ੍ਹ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਵੱਲੋਂ ਸੂਬੇ ਦੀਆਂ ਪੰਚਾਇਤਾਂ ਭੰਗ ਕਰ ਦਿੱਤੀਆਂ ਗਈਆਂ ਹਨ। ਜਿਹੜੀਆਂ ਪੰਚਾਇਤਾਂ ਆਪਣਾ 5 ਸਾਲ ਦਾ ਕਾਰਜਕਾਲ ਪੂਰ ਕਰ ਚੁੱਕੀ ਹੈ ਹੁਣ ਉਹਨਾਂ ਦੀਆਂ ਪੰਚਾਇਤਾਂ ਕੋਈ ਕੰਮ ਨਹੀਂ ਕਰ ਸਕਦੀਆਂ। ਇਹਨਾਂ ਦਾ ਕੰਮਕਾਜ ਦੇਖਣ ਲਈ ਪੰਚਾਇਤ ਅਫ਼ਸਰ ਨਿਯੁਕਤ ਕਰ ਦਿੱਤੇ ਗਏ ਹਨ। ਪੰਚਾਇਤਾਂ ਭੰਗ ਕਰਨ ਨਾਲ ਸਰਕਾਰ ਨੇ ਇਹ ਸਾਫ਼ ਕਰ ਦਿੱਤਾ ਹੈ ਕਿ ਉਹ ਸੂਬੇ ਵਿੱਚ ਪੰਚਾਇਤੀ ਚੋਣਾਂ ਕਰਵਾਉਣ ਲਈ ਤਿਆਰ ਹੈ। ਇਹ ਚੋਣਾਂ ਕਦੋਂ ਹੋਣਗੀਆਂ ਇਹ ਇਲੈਕਸ਼ਨ ਕਮਿਸ਼ਨ ਤੈਅ ਕਰੇਗਾ। ਫਿਲਹਾਲ ਪੰਜਾਬ ਵਿੱਚ 5 ਸਾਲ ਦਾ ਕਾਰਜਕਾਲ ਪੂਰਾ ਕਰ ਚੁੱਕੀਆਂ ਪੰਚਾਇਤਾਂ ਭੰਗ ਕਰ ਦਿੱਤੀਆਂ ਗਈਆਂ ਹਨ। ਇਸ ਤੋਂ ਪਹਿਲਾਂ ਵੀ ਪੰਜਾਬ ਸਰਕਾਰ ਨੇ ਪਿਛਲੇ ਸਾਲ 10 ਅਗਸਤ 2023 ਨੂੰ ਪੰਚਾਇਤਾਂ ਭੰਗ ਕਰਨ ਦਾ ਨੋਟੀਫਿਕੇਸ਼ਨ ਜਾਰੀ ਕੀਤਾ ਸੀ। ਫਿਰ ਇਹ ਮਾਮਲਾ ਹਾਈ ਕੋਰਟ ਪਹੁੰਚ ਗਿਆ ਸੀ। ਹਾਈ ਕੋਰਟ ਵਿੱਚ ਕੁੱਝ ਪੰਚਾਇਤਾਂ ਵੱਲੋਂ ਪਟੀਸ਼ਨ ਦਾਇਰ ਕੀਤੀ ਗਈ ਸੀ ਕਿ ਸਰਕਾਰ ਨੇ ਸਮੇਂ ਤੋਂ ਪਹਿਲਾਂ ਹੀ ਪੰਚਾਇਤਾਂ ਨੂੰ ਭੰਗ ਕਰਨ ਦਾ ਫੈਸਲਾ ਲਿਆ ਹੈ। ਇਸ ਤੋਂ ਬਾਅਦ ਫਿਰ ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਪੁੱਛਿਆ ਸੀ ਕਿ ਆਖਰ ਸਰਕਾਰ ਨੇ ਅਧਿਕਾਰ ਕਿਸ ਨੇ ਦਿੱਤੇ ਹਨ ਕਿ ਉਹ ਚੁਣੇ ਹੋਏ ਨੁਮਾਇੰਦਿਆਂ ਦੇ ਅਧਿਕਾਰ ਖੋਹੇ। ਇਸ ਤੋਂ ਬਾਅਦ ਫਿਰ ਪੰਜਾਬ ਸਰਕਾਰ ਨੇ 31 ਅਗਸਤ 2023 ਨੂੰ ਕਿਹਾ ਸੀ ਕਿ ਅਸੀਂ ਆਪਣਾ ਨੋਟੀਫਿਕੇਸ਼ਨ ਵਾਪਸ ਲੈ ਰਹੇ ਹਾਂ। ਹੁਕਮ ਵਾਪਸ ਲੈਣ ਦੇ ਨਾਲ ਨਾਲ ਪੰਜਾਬ ਸਰਕਾਰ ਨੇ ਪੰਚਾਇਤੀ ਵਿਭਾਗ ਦੇ ਦੋ ਅਫ਼ਸਰਾਂ ਨੂੰ ਸਸਪੈਂਡ ਕਰ ਦਿੱਤਾ ਸੀ। ਇਸ ਵਿੱਚ ਪ੍ਰਿੰਸੀਪਲ ਸਕੱਤਰ ਡੀ ਕੇ ਤਿਵਾੜੀ ਅਤੇ ਡਾਇਰੈਕਟਰ ਗੁਰਪ੍ਰੀਤ ਸਿੰਘ ਖਹਿਰਾ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ।



## ਸਿੱਖ ਅਫਸਰ ਨੂੰ ਖ਼ਾਲਿਸਤਾਨੀ ਕਹਿਣ ਨਾਲ ਭਾਜਪਾ ਦਾ ਫਿਰਕੂ ਚਿਹਰਾ ਬੇਨਕਾਬ: ਮਮਤਾ

**ਕੋਲਕਾਤਾ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਅੱਜ ਕਿਹਾ ਕਿ ਸੂਬੇ ਵਿੱਚ ਸਿੱਖ ਆਈਪੀਐਸ ਅਧਿਕਾਰੀ 'ਤੇ ਖਾਲਿਸਤਾਨੀ ਟਿੱਪਣੀ ਭਾਜਪਾ ਦਾ ਅਸਲ ਫਿਰਕੂ ਚਿਹਰਾ ਦਰਸਾਉਂਦੀ ਹੈ। ਜਦੋਂ ਉਹ ਸਿੱਖ ਆਈਪੀਐਸ ਅਫਸਰ ਨੂੰ ਪੱਗ ਬੰਨ੍ਹੀ ਦੇਖਦੇ ਹਨ ਤਾਂ ਉਹ ਉਸ ਨੂੰ ਖਾਲਿਸਤਾਨੀ ਕਹਿੰਦੇ ਹਨ। ਇਹ ਉਨ੍ਹਾਂ ਦਾ ਅਸਲ ਫਿਰਕੂ ਚਿਹਰਾ ਹੈ। ਉਨ੍ਹਾਂ ਇਥੇ ਸਮਾਗਮ ਦੌਰਾਨ ਦੋਸ਼ ਲਗਾਇਆ ਕਿ ਭਾਜਪਾ ਸ਼ਾਸਤ ਕਈ ਰਾਜ ਉਨ੍ਹਾਂ ਦੀ ਸਰਕਾਰ ਦੀਆਂ ਭਲਾਈ ਸਕੀਮਾਂ ਦੀ ਨਕਲ ਕਰ ਰਹੇ ਹਨ। ਦਰਅਸਲ ਪੱਛਮੀ ਬੰਗਾਲ ਦੇ ਉੱਤਰੀ 24 ਪਰਗਨਾ ਜ਼ਿਲ੍ਹੇ 'ਚ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਸੀਨੀਅਰ ਆਗੂ ਸ਼ੁਭੇਂਦੂ ਅਧਿਕਾਰੀ ਨੂੰ ਅਸ਼ਾਂਤ ਸੰਦੇਸ਼ਖਾਲੀ ਜਾਣ ਤੋਂ ਰੋਕਣ ਲਈ ਧਮਖਾਲੀ 'ਚ ਤਾਇਨਾਤ ਇੱਕ ਸਿੱਖ ਆਈਪੀਐਸ ਅਧਿਕਾਰੀ ਨੂੰ ਭਾਜਪਾ ਵਰਕਰਾਂ ਦੇ ਇੱਕ ਸਮੂਹ ਨੇ ਕਥਿਤ ਤੌਰ 'ਤੇ ਖਾਲਿਸਤਾਨੀ ਕਹਿ ਦਿੱਤਾ, ਜਿਸ ਤੋਂ ਬਾਅਦ ਅਧਿਕਾਰੀ ਗੁੱਸੇ 'ਚ ਆ ਗਏ। ਮੁੱਖ ਮੰਤਰੀ ਮਮਤਾ ਬੈਨਰਜੀ ਨੇ ਹੀ ਇਸ ਦੀ ਵੀਡੀਓ ਸਾਂਝੀ ਕਰਕੇ ਭਾਜਪਾ ਉਤੇ ਵੰਡਪਾਊ ਸਿਆਸਤ ਕਰਨ ਦੇ ਦੋਸ਼ ਲਾਏ ਸਨ। ਵੀਡੀਓ ਵਿੱਚ ਭਾਜਪਾ ਵਰਕਰਾਂ ਉਤੇ ਇੱਕ ਸਿੱਖ ਅਫਸਰ ਖਾਲਿਸਤਾਨੀ ਆਖਣ ਦਾ ਦੋਸ਼ ਲਾ ਰਿਹਾ ਸੀ। ਉਹ ਕਾਫੀ ਗੁੱਸੇ ਵਿੱਚ ਨਜ਼ਰ ਆ ਰਿਹਾ ਸੀ ਤੇ ਆਖ ਰਿਹਾ ਸੀ ਕਿ ਕਿਸੇ ਦੇ ਧਰਮ ਬਾਰੇ ਅਜਿਹੀ ਟਿੱਪਣੀ ਦਾ ਤੁਹਾਨੂੰ ਅਧਿਕਾਰੀ ਕਿਸ ਨੇ ਦਿੱਤਾ ਹੈ। ਤੁਸੀਂ ਕਿਸੇ ਦੇ ਧਰਮ ਬਾਰੇ ਇਸ ਤਰ੍ਹਾਂ ਕਿਵੇਂ ਬੋਲ ਸਕਦੇ ਹੋ। ਪੁਲਿਸ ਨੇ ਵੀ ਸਿੱਖ ਅਧਿਕਾਰੀ ਨੂੰ 'ਖਾਲਿਸਤਾਨੀ' ਦੱਸੇ ਜਾਣ ਦੇ ਮਾਮਲੇ ਨੂੰ 'ਅਪਰਾਧਿਕ ਕਾਰਵਾਈ' ਕਰਾਰ ਦਿੱਤਾ ਸੀ। ਪੁਲਿਸ ਨੇ ਕਿਹਾ ਸੀ "ਇਸ ਵੀਡੀਓ ਨੂੰ ਸਾਂਝਾ ਕਰਦਿਆਂ ਸਾਨੂੰ ਬਹੁਤ ਦੁੱਖ ਹੋ ਰਿਹਾ ਹੈ, ਜਿਸ ਵਿੱਚ ਸਾਡੇ ਅਪਣੇ ਹੀ ਇਕ ਅਧਿਕਾਰੀ ਨੂੰ ਸੂਬੇ ਦੇ ਵਿਰੋਧੀ ਧਿਰ ਦੇ ਆਗੂ ਦੁਆਰਾ 'ਖਾਲਿਸਤਾਨੀ' ਕਿਹਾ ਗਿਆ। ਉਨ੍ਹਾਂ ਦਾ 'ਕਸੂਰ' ਇਹ ਹੈ ਕਿ ਉਹ ਇੱਕ ਮਾਣਮੱਤਾ ਸਿੱਖ ਤੇ ਇੱਕ ਕਾਬਲ ਪੁਲਿਸ ਅਫਸਰ ਹੈ, ਜੋ ਕਾਨੂੰਨ ਨੂੰ ਲਾਗੂ ਕਰਨ ਦੀ ਕੋਸ਼ਿਸ਼ ਕਰ ਰਿਹਾ ਸੀ।"



## ਭਾਰਤ ਯੂਕੇ ਦੇ ਸਿੱਖਾਂ 'ਤੇ ਕਰ ਰਿਹਾ ਅੰਤਰਰਾਸ਼ਟਰੀ ਦਮਨ: ਪ੍ਰੀਤ ਕੌਰ ਗਿੱਲ

ਨਵੀਂ ਦਿੱਲੀ 28 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਬਰਤਾਨਵੀ ਸੰਸਦ ਮੈਂਬਰ ਪ੍ਰੀਤ ਕੌਰ ਗਿੱਲ ਨੇ ਹਾਊਸ ਆਫ ਕਾਮਨਜ਼ ਦੇ ਫਲੋਰ 'ਤੇ 'ਭਾਰਤ ਨਾਲ ਸਬੰਧ ਰੱਖਣ ਵਾਲੇ ਏਜੰਟਾਂ' 'ਤੇ ਬ੍ਰਿਟਿਸ਼ ਸਿੱਖਾਂ 'ਤੇ ਅੰਤਰ-ਰਾਸ਼ਟਰੀ ਜਬਰ ਦਾ ਦੋਸ਼ ਲਾਇਆ ਹੈ। ਸੋਮਵਾਰ ਨੂੰ ਗ੍ਰਹਿ ਦਫਤਰ ਨੂੰ ਜ਼ੁਬਾਨੀ ਸਵਾਲਾਂ ਵਿੱਚ, ਸਿੱਖ ਸੰਸਦ ਮੈਂਬਰ, ਪ੍ਰੀਤ ਕੌਰ ਗਿੱਲ ਨੇ ਪੁੱਛਿਆ ਕਿ ਸੁਰੱਖਿਆ ਮੰਤਰੀ ਟੌਮ ਤੁਗੇਂਧਾਟ ਨੇ "ਦੁਸ਼ਮਣ ਰਾਜਾਂ ਦੁਆਰਾ ਅੰਤਰਰਾਸ਼ਟਰੀ ਦਮਨ ਨਾਲ ਨਜਿੱਠਣ ਲਈ ਆਪਣੇ ਵਿਭਾਗ ਦੁਆਰਾ ਚੁੱਕੇ ਗਏ ਕਦਮਾਂ ਦੀ ਪ੍ਰਭਾਵਸ਼ੀਲਤਾ ਦਾ ਕੀ ਮੁਲਾਂਕਣ ਕੀਤਾ ਹੈ÷। ਗਿੱਲ ਨੇ ਹੋਮ ਆਫਿਸ ਦੇ ਜ਼ੁਬਾਨੀ ਸਵਾਲਾਂ ਦੌਰਾਨ ਮੁੱਖ ਚੈਂਬਰ ਵਿੱਚ ਕਿਹਾ, "ਹਾਲ ਹੀ ਦੇ ਮਹੀਨਿਆਂ ਵਿੱਚ ਫਾਈਵ ਆਈਜ਼ ਨੇਸ਼ਨਜ਼ ਨੇ ਭਾਰਤ ਨਾਲ ਸਬੰਧ ਰੱਖਣ ਵਾਲੇ ਏਜੰਟਾਂ ਦੀਆਂ ਕਾਰਵਾਈਆਂ ਬਾਰੇ ਚਿੰਤਾ ਜ਼ਾਹਰ ਕੀਤੀ ਹੈ, ਜੋ ਕਿ ਇੱਥੇ ਯੂਕੇ ਵਿੱਚ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਂਦੇ ਹਨ। ਉਸਨੇ ਹਰਦੀਪ ਸਿੰਘ ਨਿੱਝਰ ਦੀ ਮੌਤ ਅਤੇ ਸਿੱਖਸ ਫਾਰ ਜਸਟਿਸ ਦੇ ਜਨਰਲ ਵਕੀਲ ਗੁਰਪਤਵੰਤ ਸਿੰਘ ਪੰਨੂ ਨੂੰ ਮਾਰਨ ਦੀ ਕਥਿਤ ਨਾਕਾਮ ਸਾਜਿਸ਼ ਦਾ ਜ਼ਿਕਰ ਕਰਦਿਆਂ ਕਿਹਾ, "ਸਭ ਤੋਂ ਜ਼ਿਆਦਾ ਚਿੰਤਾਜਨਕ ਤੌਰ 'ਤੇ ਕਤਲ ਕੀਤੇ ਗਏ ਹਨ ਅਤੇ ਕਤਲ ਦੀਆਂ ਸਾਜ਼ਿਸ਼ਾਂ ਨੂੰ ਨਾਕਾਮ ਕੀਤਾ ਗਿਆ ਹੈ, ਦੋਵਾਂ ਨੂੰ ਭਾਰਤ ਦੁਆਰਾ ਅੱਤਵਾਦੀ ਐਲਾਨਿਆ ਗਿਆ ਹੈ। ਉਸਨੇ ਜਨਤਕ ਤੌਰ 'ਤੇ "ਉਨ੍ਹਾਂ ਦੀ ਪ੍ਰਭੂਸੱਤਾ, ਕਾਨੂੰਨ ਦੇ ਸ਼ਾਸਨ ਅਤੇ ਉਨ੍ਹਾਂ ਦੀਆਂ ਜਮਹੂਰੀ ਕਦਰਾਂ-ਕੀਮਤਾਂ ਨੂੰ ਚੁਣੌਤੀ ਦੇਣ ਲਈ" ਸੀਨੀਅਰ ਪੱਧਰ 'ਤੇ ਅਗਵਾਈ ਕਰਨ ਲਈ ਯੂਐਸ ਅਤੇ ਕੈਨੇਡੀਅਨ ਅਧਿਕਾਰੀਆਂ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਲੋਕਤੰਤਰ ਵਿੱਚ ਅਸਹਿਮਤੀ ਨੂੰ ਚੁੱਪ ਕਰਾਉਣ ਲਈ "ਅੰਤਰਰਾਸ਼ਟਰੀ ਦਮਨ" ਬਹੁਤ ਗੰਭੀਰ ਹੈ। ਉਨ੍ਹਾਂ ਨੇ ਪੁੱਛਿਆ "ਬਰਤਾਨਵੀ ਸਿੱਖਾਂ ਨੂੰ ਇਸ ਤਰ੍ਹਾਂ ਦੇ ਖਤਰਿਆਂ ਦਾ ਸਾਹਮਣਾ ਕਰਨ ਦੀਆਂ ਰਿਪੋਰਟਾਂ ਦੇ ਮੱਦੇਨਜ਼ਰ, ਸਰਕਾਰ ਉਨ੍ਹਾਂ ਦੀ ਸੁਰੱਖਿਆ ਲਈ ਕੀ ਕਦਮ ਚੁੱਕ ਰਹੀ ਹੈ ਅਤੇ ਕੀ ਉਹ ਸਾਡੇ ਭਾਈਵਾਲਾਂ ਵਾਂਗ ਜਨਤਕ ਤੌਰ 'ਤੇ ਆਪਣੇ ਜਮਹੂਰੀ ਅਧਿਕਾਰਾਂ ਦੀ ਰੱਖਿਆ ਕਰਨ ਲਈ ਉਹੀ ਤਾਕਤ ਦਿਖਾਏਗੀ?" ਤੁਗੇਨਧਾਤ ਨੇ ਜਵਾਬ ਦਿੱਤਾ ਕਿ "ਸਰਕਾਰ ਯੂਕੇ ਵਿੱਚ ਵਿਅਕਤੀਗਤ ਅਧਿਕਾਰਾਂ, ਆਜ਼ਾਦੀਆਂ ਅਤੇ ਸੁਰੱਖਿਆ ਲਈ ਸੰਭਾਵੀ ਖਤਰਿਆਂ ਦਾ ਲਗਾਤਾਰ ਮੁਲਾਂਕਣ ਕਰ ਰਹੀ ਹੈ" ਅਤੇ ਵਿਅਕਤੀਆਂ ਨੂੰ ਕਿਸੇ ਵੀ ਖਤਰੇ ਨੂੰ ਘਟਾਉਣ ਲਈ ਆਪਣੀਆਂ ਖੁਫੀਆ ਸੇਵਾਵਾਂ ਦੀ ਵਰਤੋਂ ਕਰਦੀ ਹੈ। ਉਸਨੇ ਜਨਤਕ ਤੌਰ 'ਤੇ "ਉਨ੍ਹਾਂ ਦੀ ਪ੍ਰਭੂਸੱਤਾ, ਕਾਨੂੰਨ ਦੇ ਸ਼ਾਸਨ ਅਤੇ ਉਨ੍ਹਾਂ ਦੀਆਂ ਜਮਹੂਰੀ ਕਦਰਾਂ-ਕੀਮਤਾਂ ਨੂੰ ਚੁਣੌਤੀ ਦੇਣ ਲਈ" ਸੀਨੀਅਰ ਪੱਧਰ 'ਤੇ ਅਗਵਾਈ ਕਰਨ ਲਈ ਯੂਐਸ ਅਤੇ ਕੈਨੇਡੀਅਨ ਅਧਿਕਾਰੀਆਂ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਲੋਕਤੰਤਰ ਵਿੱਚ ਅਸਹਿਮਤੀ ਨੂੰ ਚੁੱਪ ਕਰਾਉਣ ਲਈ "ਅੰਤਰਰਾਸ਼ਟਰੀ ਦਮਨ" ਬਹੁਤ ਗੰਭੀਰ ਹੈ। ਉਸਨੇ ਫਿਰ ਪੁੱਛਿਆ: "ਬਰਤਾਨਵੀ ਸਿੱਖਾਂ ਨੂੰ ਇਸ ਤਰ੍ਹਾਂ ਦੇ ਖਤਰਿਆਂ ਦਾ ਸਾਹਮਣਾ ਕਰਨ ਦੀਆਂ ਰਿਪੋਰਟਾਂ ਦੇ ਮੱਦੇਨਜ਼ਰ, ਸਰਕਾਰ ਉਨ੍ਹਾਂ ਦੀ ਸੁਰੱਖਿਆ ਲਈ ਕੀ ਕਦਮ ਚੁੱਕ ਰਹੀ ਹੈ ਅਤੇ ਕੀ ਉਹ ਸਾਡੇ ਭਾਈਵਾਲਾਂ ਵਾਂਗ ਜਨਤਕ ਤੌਰ 'ਤੇ ਆਪਣੇ ਜਮਹੂਰੀ ਅਧਿਕਾਰਾਂ ਦੀ ਰੱਖਿਆ ਕਰਨ ਲਈ ਉਹੀ ਤਾਕਤ ਦਿਖਾਏਗੀ?" ਤੁਗੇਨਧਾਤ ਨੇ ਜਵਾਬ ਦਿੱਤਾ ਕਿ "ਸਰਕਾਰ ਯੂਕੇ ਵਿੱਚ ਵਿਅਕਤੀਗਤ ਅਧਿਕਾਰਾਂ, ਆਜ਼ਾਦੀਆਂ ਅਤੇ ਸੁਰੱਖਿਆ ਲਈ ਸੰਭਾਵੀ ਖਤਰਿਆਂ ਦਾ ਲਗਾਤਾਰ ਮੁਲਾਂਕਣ ਕਰ ਰਹੀ ਹੈ" ਅਤੇ ਵਿਅਕਤੀਆਂ ਨੂੰ ਕਿਸੇ ਵੀ ਖਤਰੇ ਨੂੰ ਘਟਾਉਣ ਲਈ ਆਪਣੀਆਂ ਖੁਫੀਆ ਸੇਵਾਵਾਂ ਦੀ ਵਰਤੋਂ ਕਰਦੀ ਹੈ। ਅਸੀਂ ਆਪਣੇ ਪੰਜ ਅੱਖਾਂ ਦੇ ਭਾਈਵਾਲਾਂ ਨਾਲ ਬਹੁਤ ਨਜ਼ਦੀਕੀ ਸਬੰਧ ਬਣਾਈ ਰੱਖਦੇ ਹਾਂ। ਅਸੀਂ ਪੂਰੀ ਤਰ੍ਹਾਂ ਸਪੱਸ਼ਟ ਹਾਂ ਕਿ ਜਦੋਂ ਜਾਂ ਜੇਕਰ ਸਥਿਤੀ ਬਦਲਦੀ ਹੈ, ਅਤੇ ਸਾਨੂੰ ਕਾਰਵਾਈ ਕਰਨ ਦੀ ਲੋੜ ਹੈ, ਅਸੀਂ ਅਜਿਹਾ ਕਰਾਂਗੇ। ਗਿੱਲ ਕਈ ਅੰਤਰ-ਪਾਰਟੀ ਸੰਸਦ ਮੈਂਬਰਾਂ ਵਿੱਚੋਂ ਇੱਕ ਸੀ ਜਿਨ੍ਹਾਂ ਨੇ ਹਾਲ ਹੀ ਵਿੱਚ ਯੂਕੇ ਪੁਲਿਸ ਦੁਆਰਾ ਕਈ ਬ੍ਰਿਟਿਸ਼ ਸਿੱਖਾਂ ਨੂੰ "ਜਾਨ ਲਈ ਖ਼ਤਰੇ ਦੀਆਂ ਚੇਤਾਵਨੀਆਂ" ਦੀਆਂ ਰਿਪੋਰਟਾਂ ਤੋਂ ਬਾਅਦ ਆਪਣੀਆਂ ਚਿੰਤਾਵਾਂ ਨੂੰ ਪ੍ਰਗਟ ਕਰਨ ਲਈ ਤੁਗੇਂਧਾਤ ਨਾਲ ਮੁਲਾਕਾਤ ਕੀਤੀ ਸੀ।



ਆਵਾਜ਼ਿ ਕੌਮ
AWAZE QAUM
International Newspaper & WEB TV

ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਪੰਜਾਬ ਸਰਕਾਰ ਨੇ ਦਿੱਤੀ ਪ੍ਰਿਤਪਾਲ ਨੂੰ ਸਿਕਿਓਰਿਟੀ, ਜ਼ਖ਼ਮੀ ਕਿਸਾਨ ਦੇ ਪਿਤਾ ਨੇ ਚਿੱਠੀ ਲਿਖ ਮੰਗੀ ਸੀ ਸੁਰੱਖਿਆ

**ਚੰਡੀਗੜ੍ਹ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਖਨੌਰੀ ਬਾਰਡਰ 'ਤੇ ਕਿਸਾਨ ਅੰਦੋਲਨ 'ਚ ਸ਼ਾਮਲ ਹੋਣ ਆਏ ਕਿਸਾਨ ਪ੍ਰਿਤਪਾਲ ਸਿੰਘ ਨਾਲ ਹਰਿਆਣਾ ਪੁਲਸ ਵੱਲੋਂ ਅਗਵਾ ਕਰ ਕੇ ਭਿਆਨਕ ਰੂਪ 'ਚ ਕੁੱਟਮਾਰ ਕੀਤੀ ਗਈ ਸੀ। ਇਸ ਕੁੱਟਮਾਰ ਕਾਰਨ ਪ੍ਰਿਤਪਾਲ ਦੇ ਸਰੀਰ ਦੇ ਕਈ ਹਿੱਸਿਆਂ 'ਤੇ ਗੰਭੀਰ ਸੱਟਾਂ ਆਈਆਂ ਸਨ, ਤੇ ਉਸ ਦੀਆਂ ਕਈ ਹੱਡੀਆਂ 'ਚ ਫਰੈਕਚਰ ਵੀ ਆ ਗਿਆ ਸੀ। ਇਸ ਦੌਰਾਨ ਪ੍ਰਿਤਪਾਲ ਸਿੰਘ ਦੇ ਪਿਤਾ ਵੱਲੋਂ ਪੰਜਾਬ ਦੇ ਸਿਹਤ ਮੰਤਰੀ ਨੂੰ ਚਿੱਠੀ ਲਿਖੀ ਗਈ ਸੀ, ਜਿਸ 'ਚ ਉਨ੍ਹਾਂ ਲਿਖਿਆ ਸੀ ਕਿ ਉਨ੍ਹਾਂ ਦੇ ਪੁੱਤਰ 'ਤੇ ਕਿਸਾਨਾਂ ਦੀ ਸੇਵਾ ਕਰਨ ਲਈ ਹਰਿਆਣਾ ਪੁਲਸ ਵੱਲੋਂ ਤਸ਼ੱਦਦ ਕੀਤੀ ਗਈ ਹੈ, ਜਿਸ ਕਾਰਨ ਉਸ ਦਾ ਇਲਾਜ ਕਰਵਾਇਆ ਜਾ ਰਿਹਾ ਹੈ। ਉਸ ਦੀ ਜਾਨ ਨੂੰ ਵੀ ਖ਼ਤਰਾ ਹੈ ਜਿਸ ਕਾਰਨ ਉਸ ਨੂੰ ਸੁਰੱਖਿਆ ਦਿੱਤੀ ਜਾਵੇ। ਇਸ ਦੌਰਾਨ ਪੰਜਾਬ ਸਰਕਾਰ ਵੱਲੋਂ ਪ੍ਰਿਤਪਾਲ ਦੇ ਪਿਤਾ ਦੀ ਮੰਗ ਮੰਨ ਲਈ ਗਈ ਹੈ ਤੇ ਪ੍ਰਿਤਪਾਲ ਨੂੰ ਸੁਰੱਖਿਆ ਦੇ ਦਿੱਤੀ ਗਈ ਹੈ। ਜ਼ਿਕਰਯੋਗ ਹੈ ਕਿ ਪ੍ਰਿਤਪਾਲ ਸਿੰਘ ਇਕ ਦੋਧੀ ਦਾ ਕੰਮ ਕਰਦਾ ਹੈ ਤੇ ਕਿਸਾਨ ਅੰਦੋਲਨ 'ਚ ਕਿਸਾਨਾਂ ਲਈ ਦੁੱਧ ਦੀ ਸੇਵਾ ਕਰਨ ਦੌਰਾਨ ਉਸ ਨੂੰ 21 ਫਰਵਰੀ ਨੂੰ ਹਰਿਆਣਾ ਪੁਲਸ ਵੱਲੋਂ ਅਗਵਾ ਕਰ ਲਿਆ ਗਿਆ ਸੀ ਤੇ ਉਸ 'ਤੇ ਕਾਫ਼ੀ ਭਿਆਨਕ ਤਸ਼ੱਦਤ ਢਾਹੀ ਗਈ ਸੀ। ਉਸ ਨੂੰ ਇਲਾਜ ਲਈ ਰੋਹਤਕ ਦੇ ਪੀ.ਜੀ.ਆਈ. ਵਿਖੇ ਦਾਖਲ ਕਰਵਾਇਆ ਗਿਆ ਸੀ। ਪਰ ਪੰਜਾਬ ਸਰਕਾਰ ਵੱਲੋਂ ਉਸ ਨੂੰ ਪੰਜਾਬ ਲਿਆਂਦਾ ਗਿਆ ਤਾਂ ਜੋ ਉਸ ਦਾ ਚੰਗੇ ਤਰੀਕੇ ਨਾਲ ਇਲਾਜ ਕਰਵਾਇਆ ਜਾ ਸਕੇ ਤੇ ਉਸ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ। ਪੰਜਾਬ ਸਰਕਾਰ ਨੇ ਇਹ ਵੀ ਐਲਾਨ ਕੀਤਾ ਸੀ ਕਿ ਕਿਸਾਨ ਅੰਦੋਲਨ 'ਚ ਜ਼ਖ਼ਮੀ ਹੋਏ ਸਾਰੇ ਲੋਕਾਂ ਦਾ ਇਲਾਜ ਪੰਜਾਬ 'ਚ ਬਿਨਾਂ ਕਿਸੇ ਪੈਸੇ ਦੇ ਮੁਫ਼ਤ ਕੀਤਾ ਜਾਵੇਗਾ।






ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਦੀ ਯੋਗ ਅਗਵਾਈ 'ਚ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਦੁਨਿਆਵੀ ਵਿਦਿਆ ਲਈ ਨਗਰ ਮਹਿਤਾ ਚੌਂਕ ਵਿਖੇ ਚੱਲ ਰਹੇ ਵੱਖ ਵੱਖ ਅਦਾਰਿਆਂ 'ਚ ਨਵੇਂ ਸਾਲ (2024) ਦੀਆਂ ਕਲਾਸਾਂ ਸ਼ੁਰੂ ਹਨ । ਨਵੇਂ ਵਿਦਿਆਰਥੀ ਦਾਖਲੇ ਲੈ ਕੇ ਦੁਨਿਆਵੀ ਅਤੇ ਧਾਰਮਿਕ ਵਿਦਿਆ ਪ੍ਰਾਪਤ ਕਰੋ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


# ਭਾਈ ਅੰਮ੍ਰਿਤਪਾਲ ਸਿੰਘ ਨਾਲ ਪੱਖਪਾਤੀ ਅਤੇ ਅਣਗੌਲਿਆ ਵਤੀਰਾ ਸਹੀ ਨਹੀਂ : ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ

**ਸ੍ਰੀ ਅੰਮ੍ਰਿਤਸਰ ਸਾਹਿਬ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਡਿਬਰੂਗੜ੍ਹ ਜੇਲ੍ਹ ਵਿਚ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਨਾਲ ਜੇਲ੍ਹ ਵਿਚ ਹੋ ਰਹੇ ਅੱਤਿਆਚਾਰ ਦੇ ਵਿਰੁੱਧ ਅਤੇ ਉਨ੍ਹਾਂ ਨੂੰ ਡਿਬਰੂਗੜ੍ਹ ਤੋਂ ਪੰਜਾਬ ਦੀ ਜੇਲ੍ਹ ਵਿਚ ਤਬਦੀਲ ਕਰਨ ਲਈ ਅੰਮ੍ਰਿਤਸਰ ਵਿਖੇ ਉਨ੍ਹਾਂ ਦੇ ਪਰਿਵਾਰਾਂ ਵਲੋਂ ਰੱਖੀ ਭੁੱਖ ਹੜਤਾਲ ਪ੍ਰਤੀ ਸਰਕਾਰ ਦੇ ਘੋਰ ਅਣਦੇਖੀ ਭਰੇ ਰਵੱਈਏ ਦੀ ਸਖਤ ਨਿਖੇਧੀ ਕੀਤੀ ਹੈ।



ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਤੋਂ ਜਾਰੀ ਲਿਖਤੀ ਬਿਆਨ ਵਿਚ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਭਾਈ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਦੇ ਪਰਿਵਾਰਾਂ ਵਲੋਂ ਭੁੱਖ ਹੜਤਾਲ ਸ਼ੁਰੂ ਕੀਤਿਆਂ ਇਕ ਹਫਤਾ ਹੋ ਚੱਲਿਆ ਹੈ ਪਰ ਅਜੇ ਤੱਕ ਪ੍ਰਸ਼ਾਸਨ ਜਾਂ ਸਰਕਾਰ ਦਾ ਕੋਈ ਵੀ ਨੁਮਾਇੰਦਾ ਉਨ੍ਹਾਂ ਦੀ ਗੱਲ ਸੁਣਨ ਤੱਕ ਨਹੀਂ ਆਇਆ ਜਦੋਂਕਿ ਭਾਈ ਅੰਮ੍ਰਿਤਪਾਲ ਸਿੰਘ ਤੇ ਸਾਥੀ ਸਿੰਘਾਂ ਵਲੋਂ ਡਿਬਰੂਗੜ੍ਹ ਜੇਲ੍ਹ ਵਿਚ 16 ਫਰਵਰੀ ਤੋਂ ਭੁੱਖ ਹੜਤਾਲ ਲਗਾਤਾਰ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦਾ ਪੱਖਪਾਤੀ ਅਤੇ ਅਣਗੌਲਿਆ ਵਤੀਰਾ ਸਹੀ ਨਹੀਂ ਹੈ ਅਤੇ ਇਸ ਦੇ ਨਾਲ ਸਿੱਖਾਂ ਦੇ ਮਨਾਂ ਵਿਚ ਇਸ ਦੇਸ਼ ਅੰਦਰ ਬੇਗਾਨੇਪਨ ਅਤੇ ਵਿਤਕਰੇ ਦਾ ਅਹਿਸਾਸ ਪ੍ਰਬਲ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਨੇ ਕੋਈ ਜ਼ੁਰਮ ਨਹੀਂ ਕੀਤਾ, ਸਗੋਂ ਉਨ੍ਹਾਂ ਨੇ ਨੌਜਵਾਨਾਂ ਨੂੰ ਨਸ਼ੇ ਛੁਡਵਾ ਕੇ ਅੰਮ੍ਰਿਤਧਾਰੀ ਬਣਨ ਵੱਲ ਪ੍ਰੇਰਿਤ ਕਰਨ ਦੀ ਮੁਹਿੰਮ ਹੀ ਚਲਾਈ ਸੀ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਉਨ੍ਹਾਂ ਨੂੰ ਫੜ ਕੇ ਪੰਜਾਬ ਤੋਂ ਸੈਂਕੜੇ ਮੀਲਾਂ ਦੂਰ ਡਿਬਰੂਗੜ੍ਹ ਦੀ ਜੇਲ੍ਹ ਵਿਚ ਨਜ਼ਰਬੰਦ ਕਰਨਾ ਹੀ ਇਕ ਵੱਡਾ ਧੱਕਾ ਸੀ ਪਰ ਹੁਣ ਜੇਲ੍ਹ ਵਿਚ ਵੀ ਉਨ੍ਹਾਂ ਦੇ ਨਿੱਜਤਾ ਦੇ ਅਧਿਕਾਰ ਨਾਲ ਹਿੰਸਾ ਕਰਨ ਦੀਆਂ ਘਟਨਾਵਾਂ ਨੇ ਚਿੰਤਾਵਾਂ ਵਧਾ ਦਿੱਤੀਆਂ ਹਨ। ਉਨ੍ਹਾਂ ਆਖਿਆ ਕਿ ਸਰਕਾਰ ਨੂੰ ਤੁਰੰਤ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ ਸਾਥੀਆਂ ਵਲੋਂ ਡਿਬਰੂਗੜ੍ਹ ਜੇਲ੍ਹ ਵਿਚ ਅਤੇ ਉਨ੍ਹਾਂ ਦੇ ਪਰਿਵਾਰਾਂ ਵਲੋਂ ਅੰਮ੍ਰਿਤਸਰ ਵਿਖੇ ਸ਼ੁਰੂ ਕੀਤੀ ਭੁੱਖ ਹੜਤਾਲ ਨੂੰ ਗੰਭੀਰਤਾ ਨਾਲ ਲੈ ਕੇ ਉਨ੍ਹਾਂ ਦੀ ਗੱਲ ਸੁਣਨੀ ਚਾਹੀਦੀ ਹੈ ਅਤੇ ਤਰਜੀਹੀ ਤੌਰ 'ਤੇ ਡਿਬਰੂਗੜ੍ਹ ਜੇਲ੍ਹ ਵਿਚ ਬੰਦ ਸਿੱਖ ਨੌਜਵਾਨਾਂ ਨੂੰ ਪੰਜਾਬ ਦੀ ਜੇਲ੍ਹ ਵਿਚ ਤਬਦੀਲ ਕਰਨਾ ਚਾਹੀਦਾ ਹੈ।

ਉਨ੍ਹਾਂ ਇਹ ਵੀ ਕਿਹਾ ਕਿ ਬੀਤੇ ਕੱਲ੍ਹ ਦਲਜੀਤ ਸਿੰਘ ਕਲਸੀ, ਜੋ ਡਿਬਰੂਗੜ੍ਹ ਜੇਲ੍ਹ ਵਿਚ ਨਜ਼ਰਬੰਦ ਹਨ, ਦੀ ਜੋ ਆਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ, ਉਸ ਦੇ ਅਨੁਸਾਰ ਆਸ ਦੇ ਜੇਲ੍ਹ ਵਿਭਾਗ ਨੇ ਪੰਜਾਬ ਸਰਕਾਰ ਨੂੰ ਲਿਖਤੀ ਪੱਤਰ ਭੇਜਿਆ ਹੈ ਕਿ ਤੁਹਾਡੇ ਬੰਦੀਆਂ ਦੀ ਰੱਖੀ ਭੁੱਖ ਹੜਤਾਲ ਨਾਲ ਸਿਹਤ ਖ਼ਰਾਬ ਹੋ ਰਹੀ ਹੈ, ਇਸ ਵਾਸਤੇ ਇਨ੍ਹਾਂ ਦੀ ਮੰਗ ਅਨੁਸਾਰ ਇਨ੍ਹਾਂ ਨੂੰ ਪੰਜਾਬ ਦੀ ਜੇਲ੍ਹ ਵਿਚ ਤਬਦੀਲ ਕਰਨ ਲਈ ਫੈਸਲਾ ਲਿਆ ਜਾਵੇ। ਸੋ, ਪੰਜਾਬ ਸਰਕਾਰ ਨੂੰ ਇਸ ਪਾਸੇ ਗੰਭੀਰਤਾ ਨਾਲ ਧਿਆਨ ਦੇ ਕੇ ਡਿਬਰੂਗੜ੍ਹ ਜੇਲ੍ਹ ਵਿਚ ਨਜ਼ਰਬੰਦ ਸਿੱਖ ਨੌਜਵਾਨਾਂ ਨੂੰ ਪੰਜਾਬ ਦੀ ਜੇਲ੍ਹ ਵਿਚ ਤਬਦੀਲ ਕਰਨ ਲਈ ਕਾਰਵਾਈ ਅਮਲ ਵਿਚ ਲਿਆਉਣੀ ਚਾਹੀਦੀ ਹੈ।

ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਸਰਕਾਰ ਤੇ ਪ੍ਰਸ਼ਾਸਨ ਨੂੰ ਚਿਤਾਵਨੀ ਵੀ ਦਿੱਤੀ ਕਿ ਜੇਕਰ ਭੁੱਖ ਹੜਤਾਲ 'ਤੇ ਬੈਠੇ ਭਾਈ ਅੰਮ੍ਰਿਤਪਾਲ ਸਿੰਘ ਤੇ ਉਨ੍ਹਾਂ ਦੇ ਪਰਿਵਾਰਾਂ ਦਾ ਕੋਈ ਵੀ ਜਾਨੀ ਨੁਕਸਾਨ ਹੁੰਦਾ ਹੈ ਤਾਂ ਇਸ ਦੇ ਸਿੱਟੇ ਗੰਭੀਰ ਹੋ ਸਕਦੇ ਹਨ, ਜਿਸ ਕਾਰਨ ਸਰਕਾਰ ਨੂੰ ਤੁਰੰਤ ਉਨ੍ਹਾਂ ਦੀਆਂ ਮੰਗਾਂ ਨੂੰ ਸੁਣ ਕੇ ਹੱਲ ਕਰਨ ਵੱਲ ਧਿਆਨ ਦੇਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਂ ਕੰਨਾ-ਬਿੰਦੀ
www.damdamitaksal.net

੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI

# ਗੁਰਦੁਆਰਾ ਸਾਹਿਬ ਚਾਂਦਪੁਰਾ ਵਿਖੇ ਸਲਾਨਾ ਧਾਰਮਿਕ ਦੀਵਾਨ 1-2-3 ਮਾਰਚ ਨੂੰ ਸਜਾਏ ਜਾਣਗੇ - ਜਥੇਦਾਰ ਦਾਦੂਵਾਲ

**ਫਤਿਹਾਬਾਦ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਸੰਗਤਸਰ ਸਾਹਿਬ ਪਿੰਡ ਚਾਂਦਪੁਰਾ ਨੇੜੇ ਜਾਖਲ ਮੰਡੀ ਜ਼ਿਲਾ ਫਤਿਹਾਬਾਦ ਹਰਿਆਣਾ ਵਿਖੇ ਹਰ ਸਾਲ 1-2-3 ਮਾਰਚ ਨੂੰ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਮੈਂਬਰ ਅਤੇ ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਾਰਮਿਕ ਦੀਵਾਨ ਸਜਾਏ ਜਾਂਦੇ ਹਨ ਜਿਸ ਵਿੱਚ ਇਲਾਕੇ ਤੇ ਦੂਰ ਦੁਰਾਡੇ ਦੀਆਂ ਹਜ਼ਾਰਾਂ ਸਿੱਖ ਸੰਗਤਾਂ ਹਾਜ਼ਰੀ ਭਰਕੇ ਗੁਰਬਾਣੀ ਕਥਾ ਕੀਰਤਨ ਦਾ ਲਾਭ ਪ੍ਰਾਪਤ ਕਰਦੀਆਂ ਹਨ ਹਰ ਸਾਲ ਸੈਂਕੜੇ

## ਅੰਮ੍ਰਿਤ ਸੰਚਾਰ 3 ਮਾਰਚ ਨੂੰ ਹੋਵੇਗਾ, ਸਿੱਖ ਸੰਗਤਾਂ ਹੁਮ ਹੁਮਾ ਕੇ ਪੁੱਜੋ

ਪ੍ਰਾਣੀ ਅੰਮ੍ਰਿਤ ਸੰਚਾਰ ਕਰਕੇ ਸਿੰਘ ਸਜ਼ਦੇ ਹਨ ਇਹ ਸਲਾਨਾ ਧਾਰਮਿਕ ਦੀਵਾਨ ਸਰਬੱਤ ਦੇ ਭਲੇ ਨੂੰ ਸਮਰਪਿਤ ਸਿੱਖ ਧਰਮ ਦੇ ਪ੍ਰਚਾਰ ਪ੍ਰਸਾਰ ਲਈ ਸੰਨ 2009 ਤੋਂ ਹਰ ਸਾਲ 1-2-3 ਮਾਰਚ ਨੂੰ ਸਜਾਏ ਜਾਂਦੇ ਹਨ ਜਿਕਰਯੋਗ ਹੈ ਕੇ 3 ਮਾਰਚ 2009 ਸੰਨ ਵਿੱਚ ਗੁਰਦੁਆਰਾ ਸੰਗਤਸਰ ਸਾਹਿਬ ਪਿੰਡ ਚਾਂਦਪੁਰਾ ਦੇ ਸਾਰੇ ਪ੍ਰਬੰਧ ਦੀ ਸੇਵਾ ਸਮੂੰਹ ਨਗਰ ਨਿਵਾਸੀਆਂ ਵਲੋਂ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਇਲਾਕੇ ਦੀਆਂ ਹਜਾਰਾਂ ਸਿੱਖ ਸੰਗਤਾਂ ਅਤੇ ਉਸ ਵੇਲੇ ਤਖ਼ਤ ਸ੍ਰੀ ਦਮਦਮਾਂ ਸਾਹਿਬ ਤਲਵੰਡੀ ਸਾਬੋ ਦੇ ਜਥੇਦਾਰ ਸਿੰਘ ਸਾਹਿਬ ਗਿ: ਬਲਵੰਤ ਸਿੰਘ ਨੰਦਗੜ ਦੀ ਹਾਜ਼ਰੀ ਵਿੱਚ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੂੰ ਸੌਂਪ ਦਿੱਤੀ ਸੀ ਜਥੇਦਾਰ ਦਾਦੂਵਾਲ ਜੀ ਵਲੋਂ ਬਾਬਾ ਪ੍ਰਦੀਪ ਸਿੰਘ ਨੂੰ ਸੇਵਾਦਾਰ ਥਾਪਿਆ ਗਿਆ ਸੀ ਜਿਨਾਂ ਨੇ ਅਸਥਾਨ ਦੀ ਸੇਵਾ ਸੰਨ 2018 ਤੱਕ ਬਹੁਤ ਵਧੀਆ ਕੀਤੀ ਉਨਾਂ ਦੀ ਸੇਵਾਮੁਕਤੀ ਤੋਂ ਬਾਅਦ ਜਥੇਦਾਰ ਦਾਦੂਵਾਲ ਜੀ ਵਲੋਂ ਪਿੰਡ ਦੀ ਹੀ ਗੁਰਦੁਆਰਾ ਪ੍ਰਬੰਧਕ ਕਮੇਟੀ 2018 ਵਿੱਚ ਨਿਯੁਕਤ ਕਰ ਦਿੱਤੀ ਗਈ ਸੀ ਜੋ ਹੁਣ ਤੱਕ ਲਗਾਤਾਰ ਗੁਰੂਘਰ ਦਾ ਪ੍ਰਬੰਧ ਕਰਦੀ ਆ ਰਹੀ ਹੈ ਸਲਾਨਾ ਧਾਰਮਿਕ ਸਮਾਗਮ ਦਾ ਸਾਰਾ ਪ੍ਰਬੰਧ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਨਗਰ ਨਿਵਾਸੀ ਸਾਧਸੰਗਤ ਦੇ ਸਹਿਯੋਗ ਨਾਲ ਹਰ ਸਾਲ ਬੜੇ ਉਤਸ਼ਾਹ ਨਾਲ ਕੀਤਾ ਜਾਂਦਾ ਹੈ ਜਥੇਦਾਰ ਦਾਦੂਵਾਲ ਜੀ ਦੇ ਸਹਾਇਕ ਭਾਈ ਜਗਮੀਤ ਸਿੰਘ ਬਰਾੜ ਨੇ ਇੱਕ ਪ੍ਰੈਸ ਨੋਟ ਜਾਰੀ ਕਰਕੇ ਇਹ ਸਾਰੀ ਜਾਣਕਾਰੀ ਮੀਡੀਆ ਨੂੰ ਦਿੰਦੇ ਹੋਏ ਦੱਸਿਆ ਕੇ ਇਸ ਸਾਲ ਵੀ ਜਥੇਦਾਰ




ਦਾਦੂਵਾਲ ਜੀ ਵੱਲੋਂ 1-2-3 ਮਾਰਚ 2024 ਨੂੰ ਸਾਲਾਨਾ ਧਾਰਮਿਕ ਦੀਵਾਨ ਦਿਨੇ 12 ਤੋਂ 3 ਵਜੇ ਤੱਕ ਚਾਂਦਪੁਰਾ ਵਿਖੇ ਸਜ਼ਾਏ ਜਾਣਗੇ ਜਿਸ ਵਿੱਚ ਹੋਰ ਵੀ ਬੇਅੰਤ ਸੰਤ ਮਹਾਂਪੁਰਖ ਰਾਗੀ ਢਾਡੀ ਪ੍ਰਚਾਰਕ ਸਿੱਖ ਸੰਗਤਾਂ ਨੂੰ ਗੁਰਬਾਣੀ ਕਥਾ ਕੀਰਤਨ ਨਾਲ ਜੋੜਨਗੇ ਭਾਈ ਬਰਾੜ ਨੇ ਦੱਸਿਆ ਕੇ ਇਸ ਸਮੇਂ ਗੁਰੂ ਕੇ ਲੰਗਰ ਅਤੁੱਟ ਵਰਤਣਗੇ ਅਤੇ 3 ਮਾਰਚ ਨੂੰ ਸਵੇਰੇ 10 ਵਜੇ ਅੰਮ੍ਰਿਤ ਸੰਚਾਰ ਵੀ ਹੋਵੇਗਾ ਪੰਜ ਪਿਆਰੇ ਸਾਹਿਬਾਨ ਅੰਮ੍ਰਿਤ ਅਭਿਲਾਖੀਆਂ ਨੂੰ ਖੰਡੇ ਬਾਟੇ ਦਾ ਅੰਮ੍ਰਿਤ ਛਕਾ ਕੇ ਗੁਰੂ ਲੜ ਲਗਾਉਣਗੇ ਸਰਬੱਤ ਸਿੱਖ ਸੰਗਤਾਂ 1-2-3 ਮਾਰਚ ਨੂੰ ਵਹੀਰਾਂ ਘੱਤ ਕੇ ਇਨਾਂ ਸਲਾਨਾ ਧਾਰਮਿਕ ਦੀਵਾਨ ਸਮਾਗਮਾਂ ਵਿੱਚ ਪੁੱਜ ਕੇ ਗੁਰਬਾਣੀ ਗੁਰਇਤਿਹਾਸ ਗੁਰਮਤਿ ਵਿਚਾਰਾਂ ਦਾ ਲਾਹਾ ਪ੍ਰਾਪਤ ਕਰਕੇ ਜੀਵਨ ਸਫਲਾ ਕਰੋ ਜੀ।

ਆਵਾਜ਼ਿ ਕੌਮ AWAZE QAUM
International Newspaper & WEB TV

ਧਨੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।



✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ.:
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ॥

# ਏਕ ਨੂਰ ਸਵੈ-ਸੇਵੀ ਸੰਸਥਾ ਰਜਿ:, ਪਠਲਾਵਾ

ਪਿੰਡ ਪਠਲਾਵਾ, ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ਵਲੋਂ

## ਸਵ: ਸ: ਜੁਗਿੰਦਰ ਸਿੰਘ ਸੂਰਾਪੁਰੀ

(ਉਪ ਚੇਅਰਮੈਨ ਏਕ ਨੂਰ ਸਵੈ-ਸੇਵੀ ਸੰਸਥਾ ਪਠਲਾਵਾ) ਦੀ ਯਾਦ ਨੂੰ ਸਮਰਪਿਤ

# 26ਵਾਂ ਸਲਾਨਾ ਸਹਾਇਤਾ ਵੰਡ ਸਮਾਗਮ

ਪ੍ਰੋਗਰਾਮ



ਪੰਮਾ ਡੂੰਮੇਵਾਲੀਆ

ਮਿਤੀ : 3 ਮਾਰਚ 2024, ਦਿਨ ਐਤਵਾਰ ।

ਸਮਾਂ : ਸਵੇਰੇ 10:00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ।

ਸਥਾਨ : ਸੰਜੋਗ ਕਮਿਊਨਿਟੀ ਹਾਲ, ਲਧਾਣਾ ਉੱਚਾ ।

ਉਦਘਾਟਨ : ਸੰਤ ਬਾਬਾ ਗੁਰਬਚਨ ਸਿੰਘ ਜੀ ਪਠਲਾਵੇ ਵਾਲੇ

ਮੁੱਖ ਮਹਿਮਾਨ : ਸ: ਇੰਦਰਬੀਰ ਸਿੰਘ (ਆਈ.ਪੀ.ਐਸ.), ਡੀ.ਆਈ. ਜੀ. ਐਡਮਨਿਸ਼ਟ੍ਰੇਸ਼ਨ ਪੀ.ਏ.ਪੀ. ਜਲੰਧਰ।

ਵਿਸ਼ੇਸ਼ ਮਹਿਮਾਨ:

- ਪਦਮ ਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ, ਮੁੱਖ ਸੰਚਾਲਿਕਾ ਭਾਈ ਘਨੱਈਆ ਜੀ ਚੈਰੀਟੇਬਲ ਟਰੱਸਟ, ਯੂਨੀਕ ਹੋਮ, ਜਲੰਧਰ ।
- ਸ: ਪਿਆਰਾ ਸਿੰਘ ਨੂਰਪੁਰੀ ਕਨੇਡਾ ।
- ਉਪਕਾਰ ਕੋਆਰਡੀਨੇਸ਼ਨ ਸੁਸਾਇਟੀ ਨਵਾਂਸ਼ਹਿਰ ।॥ ਬੀ.ਡੀ.ਸੀ. ਨਵਾਂਸ਼ਹਿਰ ।
- ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ, ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ।
- ਐਸ. ਅਸ਼ੋਕ ਭੌਰਾ ਜਨਰਾਲਿਸਟ (ਉਘੇ ਕਾਲਮ ਨਵੀਸ) ਯੂ.ਐਸ.ਏ. ।

ਸਨਮਾਨਿਤ ਸੰਸਥਾਵਾਂ ਅਤੇ ਸ਼ਖਸੀਅਤਾਂ : ਭਾਈ ਘਨੱਈਆ ਜੀ ਸੇਵਕ ਦਲ ਜਾਡਲਾ (ਜੋੜਿਆਂ ਦੀ ਫਰੀ ਸੇਵਾ)
ਸ: ਸੁਰਜੀਤ ਸਿੰਘ (ਮੁੱਖ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ, ਨਵਾਂਸ਼ਹਿਰ
ਸ: ਅਮਰੀਕ ਸਿੰਘ (ਨਿਸ਼ਕਾਮ ਟਿਫਨ ਸੇਵਾ ਸੁਸਾਇਟੀ, ਗੁਰੂ ਕੀ ਰਸੋਈ ਨਵਾਂਸ਼ਹਿਰ

ਸਿਲਾਈ ਮਸ਼ੀਨਾਂ ਦੀ ਵੰਡ : ਆਰਥਿਕ ਪੱਖ ਤੋਂ ਕਮਜ਼ੋਰ ਲੜਕੀਆਂ/ਵਿਧਵਾਵਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਜਾਣਗੀਆਂ ।

ਵੀਹਲ ਚੇਅਰ/ਟ੍ਰਾਈ ਸਾਇਕਲ ਦੀ ਵੰਡ: ਸਰੀਰਕ ਤੌਰ ਤੇ ਅਪੰਗ ਵਿਅਕਤੀਆਂ ਨੂੰ ਪ੍ਰਦਾਨ ਕੀਤੇ ਜਾਣਗੇ।

ਚਾਹ ਪਕੌੜਿਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ ।

ਵਿਸ਼ੇਸ਼ ਆਕਰਸ਼ਨ : ਪੰਜਾਬੀ ਗਾਇਕ ਸਮਾਜਿਕ ਪੱਖ ਨੂੰ ਉਭਾਰਨ ਵਾਲੇ, ਸੱਭਿਆਚਾਰ ਦੇ ਅਲੰਬਰਦਾਰ **ਪੰਮਾ ਡੂੰਮੇਵਾਲੀਆ** ਆਪਣਾ ਪ੍ਰੋਗਰਾਮ ਪੇਸ਼ ਕਰਨਗੇ ।

**ਆਪ ਜੀ ਨੂੰ ਇਸ ਸਮਾਗਮ ਵਿੱਚ ਪਹੁੰਚਣ ਲਈ ਨਿੱਘਾ ਸੱਦਾ ਦਿੱਤਾ ਜਾਂਦਾ ਹੈ ।**

ਉਡੀਕਵਾਨ : ਸਮੂਹ ਆਹੁਦੇਦਾਰ ਅਤੇ ਮੈਂਬਰਾਨ ਏਕ ਨੂਰ ਸਵੈ-ਸੇਵੀ ਸੰਸਥਾ (ਰਜਿ:) ਪਠਲਾਵਾ, ਨਗਰ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਪਠਲਾਵਾ ।

ਜ਼ਿਲਾ ਸ਼ਹੀਦ ਭਗਤ ਸਿੰਘ ਨਗਰ ।

ਮੋਬਾ: 98153-48143, 98140-23547

ਆਵਾਜ਼ਿ ਕੌਮ AWAZE QAUM International Newspaper & WEB TV


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
ੳ A अ
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH




### ਸਿੱਖਾਂ ਦੇ ਕਾਤਲ ਨਰਸਿਮਹਾ ਰਾਓ ਨੂੰ ਭਾਰਤ ਰਤਨ ਦੇਣ ਦਾ ਐਲਾਨ ਕਰਕੇ ਦੇਸ਼ ਅਤੇ ਦੁਨੀਆ ਦੇ ਸਿੱਖਾਂ ਨੂੰ ਬੁਰੀ ਤਰ੍ਹਾਂ ਕੀਤਾ ਜ਼ਖਮੀ: ਬੱਬਰ

# ਐਵਾਰਡ ਨੂੰ ਵਾਪਿਸ ਲੈਣ ਦੀ ਮੰਗ ਕਰਦਿਆਂ ਕੀਤਾ ਗਿਆ ਰੋਸ ਪ੍ਰਦਰਸ਼ਨ

ਨਵੀਂ ਦਿੱਲੀ 28 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-ਭਾਰਤ ਸਰਕਾਰ ਨੇ ਨਵੰਬਰ 1984 ਵਿੱਚ ਹਜ਼ਾਰਾਂ ਬੇਗੁਨਾਹ ਸਿੱਖਾਂ ਦੇ ਕਤਲੇਆਮ ਲਈ ਜ਼ਿੰਮੇਵਾਰ ਨਰਸਿਮਹਾ ਰਾਓ ਨੂੰ ਭਾਰਤ ਰਤਨ ਦੇਣ ਦਾ ਐਲਾਨ ਕਰਕੇ ਦੁਨੀਆਂ ਭਰ ਦੇ ਸਿੱਖਾਂ ਨੂੰ ਬੁਰੀ ਤਰ੍ਹਾਂ ਠੇਸ ਪਹੁੰਚਾਈ ਹੈ। ਜਿਸ ਨੂੰ ਲੈ ਕੇ ਸਰਦਾਰ ਗੁਰਚਰਨ ਸਿੰਘ ਬੱਬਰ ਨੇ ਦਿੱਲੀ ਸਿੱਖ ਕਤਲੇਆਮ ਦੇ ਪੀੜੀਤਾਂ ਦੇ ਨਾਲ ਗੁਰਦਵਾਰਾ ਰਕਾਬ ਗੰਜ ਸਾਹਿਬ ਵਿਖੇ ਭਾਰੀ ਰੋਸ ਮੁਜਾਹਿਰਾ ਕਰਦਿਆਂ

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਐਵਾਰਡ ਨੂੰ ਵਾਪਿਸ ਲੈਣ ਦੀ ਮੰਗ ਕਰਦਿਆਂ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਇਕ ਮੈਮੋਰੰਡਮ ਦਿੱਤਾ ਹੈ। ਜਿਕਰਯੋਗ ਹੈ ਇਹ ਪ੍ਰਦਰਸ਼ਨ ਜੰਤਰ ਮੰਤਰ ਤੇ ਵੱਡੇ ਰੂਪ ਵਿਚ ਕੀਤਾ ਜਾਣਾ ਸੀ ਅਤੇ ਉੱਥੇ ਪੁਤਲੇ ਵੀ ਫੂਕੇ ਜਾਣੇ ਸਨ ਪਰ ਦਿੱਲੀ ਅੰਦਰ ਧਾਰਾ 144 ਲੱਗੀ ਹੋਣ ਕਰਕੇ ਕਿਸੇ ਕਿਸਮ ਦਾ ਰੋਸ ਪ੍ਰਦਰਸ਼ਨ ਨਹੀਂ ਕੀਤਾ ਜਾ ਸਕਦਾ ਹੈ। ਉਨ੍ਹਾਂ ਲਿਖਿਆ ਕਿ ਕਾਂਗਰਸ ਸਰਕਾਰ ਦੇ ਗ੍ਰਹਿ ਮੰਤਰੀ ਨਰਸਿਮਹਾ ਰਾਓ ਦੀ ਬਹੁਤ ਵੱਡੀ ਭੂਮਿਕਾ ਸੀ, ਉਸ ਸਮੇਂ ਸਵਰਗੀ ਸ਼੍ਰੀ ਅਟਲ ਬਿਹਾਰੀ ਵਾਜਪਾਈ ਸਾਹਿਬ, ਮਾਨਯੋਗ ਸ਼੍ਰੀ ਲਾਲ ਕ੍ਰਿਸ਼ਨ ਅਡਵਾਨੀ ਜੀ ਅਤੇ ਵਿਰੋਧੀ ਧਿਰ ਦੇ ਸਾਰੇ ਸਤਿਕਾਰਯੋਗ ਰਾਸ਼ਟਰੀ ਨੇਤਾਵਾਂ ਨੇ ਵਾਰ-ਵਾਰ ਟੈਲੀਫੋਨ 'ਤੇ ਗ੍ਰਹਿ ਮੰਤਰੀ ਨਰਸਿਮਹਾ ਰਾਓ ਨੂੰ ਮਿਲਣ ਲਈ ਸਮਾਂ ਮੰਗਿਆ। ਪਰ ਨਰਸਿਮਹਾ ਰਾਓ ਨੇ ਲੰਬੇ ਸਮੇਂ ਬਾਅਦ ਮਿਲਣ ਦਾ ਸਮਾਂ ਦਿੱਤਾ। ਇਸ ਤੋਂ ਪਹਿਲਾਂ ਨਰਸਿਮਹਾ ਰਾਓ ਦਾ ਦਫਤਰ ਸਾਰੇ ਵਿਰੋਧੀ ਨੇਤਾਵਾਂ ਨੂੰ ਕਹਿੰਦਾ ਰਿਹਾ ਕਿ ਉਨ੍ਹਾਂ ਕੋਲ ਫਿਲਹਾਲ ਮਿਲਣ ਦਾ ਸਮਾਂ ਨਹੀਂ ਹੈ। ਜਦੋਂ ਨਰਸਿਮ੍ਹਾ ਰਾਓ ਨੇ ਵਿਰੋਧੀ ਨੇਤਾਵਾਂ ਨਾਲ ਮੁਲਾਕਾਤ ਕੀਤੀ ਤਾਂ ਸਾਰੇ ਵਿਰੋਧੀ ਨੇਤਾਵਾਂ ਨੇ ਨਰਸਿਮਹਾ ਰਾਓ ਨੂੰ ਦੱਸਿਆ ਰਾਓ ਨੂੰ ਕਿਹਾ ਕਿ ਹਾਲਾਤ ਵਿਗੜ ਗਏ ਹਨ ਅਤੇ ਬੇਕਸੂਰ ਸਿੱਖਾਂ ਦਾ ਕਤਲੇਆਮ ਹੋ ਰਿਹਾ ਹੈ, ਉਸ ਨੂੰ ਤੁਰੰਤ ਫੌਜ ਬੁਲਾਉਣੀ ਚਾਹੀਦੀ ਹੈ, ਇਸ 'ਤੇ ਨਰਸਿਮਹਾ ਰਾਓ



ਨੇ ਵਿਰੋਧੀ ਨੇਤਾਵਾਂ ਨੂੰ ਕਿਹਾ ਕਿ ਨਹੀਂ - ਨਹੀਂ, ਸਥਿਤੀ ਮੇਰੇ ਕੰਟਰੋਲ 'ਚ ਹੈ ਅਤੇ ਸਭ ਕੁਝ ਠੀਕ ਹੈ, ਜਦਕਿ ਉਸ ਸਮੇਂ ਤੱਕ ਪੰਜ ਹਜ਼ਾਰ ਨਿਰਦੋਸ਼ ਸਿੱਖਾਂ ਦਾ ਕਤਲ ਕੀਤਾ ਗਿਆ, ਹਜ਼ਾਰਾਂ ਸਿੱਖ ਪਰਿਵਾਰ ਬੁਰੀ ਤਰ੍ਹਾਂ ਜ਼ਖਮੀ ਹੋਏ, ਸੈਂਕੜੇ ਗੁਰਦੁਆਰੇ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਸਾੜੇ ਗਏ, ਸੈਂਕੜੇ ਔਰਤਾਂ ਨਾਲ ਬਲਾਤਕਾਰ ਕੀਤੇ ਗਏ, ਅਰਬਾਂ ਰੁਪਏ ਦੀ ਸਿੱਖ ਜਾਇਦਾਦ ਨੂੰ ਸਾੜਿਆ ਗਿਆ ਅਤੇ ਲੁੱਟਿਆ ਗਿਆ। ਦਿੱਲੀ ਪੁਲਿਸ ਕਾਂਗਰਸ ਸਰਕਾਰ ਦੇ ਗ੍ਰਹਿ ਮੰਤਰੀ ਨਰਸਿਮਹਾ ਰਾਓ ਦੇ ਅੱਧੀਨ ਸੀ ਅਤੇ ਨਰਸਿਮਹਾ ਰਾਓ ਦੇ ਹੁਕਮਾਂ 'ਤੇ ਦਿੱਲੀ ਪੁਲਿਸ ਨੇ ਮਾਰੇ ਗਏ ਸਿੱਖਾਂ ਦੀਆਂ ਲਾਸ਼ਾਂ ਉਨ੍ਹਾਂ ਦੇ ਪਰਿਵਾਰਾਂ ਨੂੰ ਨਹੀਂ ਸੌਂਪੀਆਂ, ਐਫਆਈਆਰ ਨਹੀਂ ਲਿਖੀ ਤੇ ਨਾ ਹੀ ਉਨ੍ਹਾਂ ਲਾਸ਼ਾਂ ਦਾ ਪੋਸਟ ਮਾਰਟਮ ਕੀਤਾ ਗਿਆ। ਸਿੱਖਾਂ ਦੀਆਂ ਲਾਸ਼ਾਂ ਦਾ ਸਸਕਾਰ ਨਹੀਂ ਕੀਤਾ ਗਿਆ, ਸਿੱਖ ਧਰਮ ਅਨੁਸਾਰ ਧਾਰਮਿਕ ਪ੍ਰਕਿਰਿਆ ਨੂੰ ਨੇਪਰੇ ਚਾੜ੍ਹਨ ਲਈ ਕਿਸੇ ਗੁਰਦੁਆਰਾ ਸਾਹਿਬ ਤੋਂ ਕੋਈ ਭਾਈ ਜਾਂ ਗ੍ਰੰਥੀ ਸਿੰਘ ਨਹੀਂ ਬੁਲਾਇਆ ਗਿਆ, ਸਿੱਖਾਂ ਦਾ ਕਤਲੇਆਮ ਕਰਨ ਵਾਲੇ ਕਤਲ ਕਰਕੇ ਚਲੇ ਗਏ, ਅਤੇ ਉਸ ਤੋਂ ਬਾਅਦ ਕਾਂਗਰਸ ਸਰਕਾਰ ਦੇ ਗ੍ਰਹਿ ਮੰਤਰੀ ਨਰਸਿਮਹਾ ਰਾਓ ਦੇ ਹੁਕਮਾਂ 'ਤੇ ਸਿੱਖਾਂ ਦੀਆਂ ਲਾਸ਼ਾਂ ਨੂੰ ਟਰੱਕਾਂ ਵਿਚ ਇਕੱਠਾ ਕਰਕੇ, ਅਰਾਵਲੀ ਦੀਆਂ ਪਹਾੜੀਆਂ ਅਤੇ ਦਿੱਲੀ ਦੇ ਆਲੇ-ਦੁਆਲੇ ਦੇ ਜੰਗਲਾਂ ਵਿਚ ਲਿਜਾਇਆ ਗਿਆ, ਪੈਟਰੋਲ, ਡੀਜ਼ਲ ਅਤੇ ਕੈਮੀਕਲਾਂ ਨਾਲ ਅੱਗ ਲਗਾ ਕੇ ਸਾੜ ਦਿੱਤਾ ਗਿਆ। ਭਾਰਤ ਦੇ ਗ੍ਰਿਹ ਮੰਤਰੀ ਉਪਰ ਹਜ਼ਾਰਾਂ ਸਿੱਖਾਂ ਦੇ ਕਾਤਲਾਂ 'ਤੇ ਇਲਜ਼ਾਮ ਲਾਏ ਹਨ। ਕਾਂਗਰਸ ਸਰਕਾਰ ਨੇ ਗ੍ਰਹਿ ਮੰਤਰੀ ਨਰਸਿਮਹਾ ਰਾਓ ਨੂੰ ਭਾਰਤ ਰਤਨ ਦੇਣ ਦਾ ਐਲਾਨ ਕਰਕੇ ਦੇਸ਼ ਅਤੇ ਦੁਨੀਆ ਦੇ ਸਿੱਖਾਂ ਨੂੰ ਬੁਰੀ ਤਰ੍ਹਾਂ ਜ਼ਖਮੀ ਕਰ ਦਿੱਤਾ ਹੈ। ਇਹ ਭਾਰਤ ਸਰਕਾਰ ਦਾ ਬਹੁਤ ਹੀ ਗਲਤ ਫੈਸਲਾ ਹੈ, ਜਿਸ ਨੂੰ ਸਿੱਖ ਭਾਈਚਾਰਾ ਸਖ਼ਤ ਵਿਰੋਧ ਕਰ ਰਿਹਾ ਹੈ। ਸਿੱਖ ਕੌਮ ਭਾਰਤ ਸਰਕਾਰ ਨੂੰ ਅਪੀਲ ਕਰਦੀ ਹੈ ਕਿ ਉਹ ਆਪਣੀ ਗਲਤੀ ਸੁਧਾਰੇ ਅਤੇ ਕਾਂਗਰਸ ਸਰਕਾਰ ਦੇ ਗ੍ਰਹਿ ਮੰਤਰੀ ਨਰਸਿਮਹਾ ਰਾਓ ਨੂੰ ਭਾਰਤ ਰਤਨ ਐਵਾਰਡ ਦੇਣ ਦਾ ਐਲਾਨ ਵਾਪਸ ਲਵੇ। ਨਹੀਂ ਤਾਂ ਇਸ ਗਲਤ ਫੈਸਲੇ ਦੀ ਗੂੰਜ ਪੂਰੀ ਦੁਨੀਆ ਵਿਚ ਉੱਚੀ-ਉੱਚੀ ਸੁਣਾਈ ਦੇਵੇਗੀ ਅਤੇ ਦੁਨੀਆਂ ਭਰ ਦੇ ਸਿੱਖ ਇਸ ਦਾ ਸਖ਼ਤ ਵਿਰੋਧ ਕਰਨਗੇ, ਜੋ ਕਿ ਸਾਡੀ ਪਿਆਰੀ ਕੌਮ ਦੇ ਹਿੱਤ ਵਿੱਚ ਨਹੀਂ ਹੋਵੇਗਾ ਅਤੇ ਇਸ ਨਾਲ ਸਿੱਖ ਕੌਮ ਨੂੰ ਇੱਕ ਵੱਡਾ ਸੁਨੇਹਾ ਜਾਵੇਗਾ ਕਿ ਭਾਜਪਾ ਸਰਕਾਰ ਨੇ ਭਾਰਤ ਦਾ ਸਭ ਤੋਂ ਵੱਡਾ ਐਵਾਰਡ ਉਸ ਅਪਰਾਧੀ ਕਾਂਗਰਸੀ ਆਗੂ ਨੂੰ ਦਿੱਤਾ ਹੈ, ਜਿਸ ਨੇ ਇਸ ਹਜ਼ਾਰਾਂ ਸਿੱਖਾਂ ਦੇ ਕਤਲੇਆਮ ਨੂੰ ਅੰਜਾਮ ਦਿੱਤਾ ਹੈ।


ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ੴ ਸਤਿਗੁਰ ਪ੍ਰਸਾਦਿ ॥

ਜੇਹਾ ਚੀਰੀ ਲਿਖਿਆ, ਤੇਹਾ ਹੁਕਮੁ ਕਮਾਹਿ । ਘਲੇ ਆਵਹਿ ਨਾਨਕਾ, ਸਦੇ ਉਠਿ ਜਾਇ ॥

ਆਪ ਜੀ ਨੂੰ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਪੂਜਨੀਕ ਪਿਤਾ ਜੀ



# ਸਵ: ਸ੍ਰ. ਮਲੂਕ ਸਿੰਘ ਵੜੈਂਚ ਜੀ

ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਮਿਤੀ 22 ਫਰਵਰੀ, 2024 ਦਿਨ ਵੀਰਵਾਰ ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ । ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

## ਸ੍ਰੀ ਸਹਿਜ ਪਾਠ ਜੀ ਦੇ ਭੋਗ ਅਤੇ ਅੰਤਿਮ ਅਰਦਾਸ

**ਮਿਤੀ 2 ਮਾਰਚ, 2024 ਦਿਨ ਸ਼ਨੀਵਾਰ ਨੂੰ 11 ਵਜੇ ਤੋਂ 1 ਵਜੇ ਤੱਕ**

**ਸਥਾਨ ਰਾਮ ਮੁਹੰਮਦ ਸਿੰਘ ਅਜ਼ਾਦ ਕੰਪਲੈਕਸ, ਨਿਆਈ ਸਾਹਿਬ, ਸੁਨਾਮ**

ਵਿਖੇ ਹੋਵੇਗੀ । ਸੋ ਆਪ ਜੀ ਨੇ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ ।

**ਦੁਖੀ ਹਿਰਦੇ**

ਸ੍ਰ. ਗੁਰਨਾਮ ਸਿੰਘ ਵੜੈਂਚ (USA)
+1 415-596-9246, 78142-41845
ਸ੍ਰ. ਜਗਤਾਰ ਸਿੰਘ ਵੜੈਂਚ
ਸ੍ਰ. ਅਵਤਾਰ ਸਿੰਘ ਵੜੈਂਚ (USA)
ਸ੍ਰ. ਸੰਦੀਪ ਸਿੰਘ ਵੜੈਂਚ

**ਸਮੂਹ ਵੜੈਂਚ ਪਰਿਵਾਰ**
**ਨਾਨਕਾ ਝੱਬਰ ਪਰਿਵਾਰ**
ਮੋ: 98150-02761

ਸੰਘਰਸ਼ੀ ਯੋਧੇ ਭਾਈ ਗੁਰਨਾਮ ਸਿੰਘ ਵੜੈਚ (USA) ਪਿੰਡ ਸਿੰਘਪੁਰਾ ਨੇੜੇ ਸੁਨਾਮ ਜ਼ਿਲ੍ਹਾ ਸੰਗਰੂਰ ਦੇ ਸਤਿਕਾਰਯੋਗ ਪਿਤਾ ਸ, ਮਲੂਕ ਸਿੰਘ ਜਿਹੜੇ ਪਿਛਲੇ ਦਿਨੀਂ ਏਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਸਨ ਦੇ ਨਮਿਤ ਸ਼ਰਧਾਂਜਲੀ ਸਮਾਗਮ 2 ਮਾਰਚ 2024 ਨੂੰ ਹੇਠ ਦਿੱਤੇ ਪਤੇ ਤੇ ਹੋ ਰਿਹਾ ਹੈ,ਸੋ ਰਿਸ਼ਤੇਦਾਰ, ਮਿੱਤਰ, ਸਨੇਹੀਆਂ ਨੇ ਸਮੇਂ ਸਿਰ ਪਹੁੰਚ ਕੇ ਹਾਜ਼ਰੀ ਲਵਾਉਣ ਦੀ ਕ੍ਰਿਪਾਲਤਾ ਕਰਨੀ ਜੀ।

--★ ਬੇਨਤੀ ਕਰਤਾ ★--

**ਭਾਈ ਰਵਿੰਦਰ ਸਿੰਘ ਧਾਲੀਵਾਲ ਸਟੋਕਟਨ**
**ਭਾਈ ਸੁਰਿੰਦਰ ਸਿੰਘ ਠੀਕਰੀਵਾਲ**
**ਬਾਬਾ ਬਖਸੀਸ ਸਿੰਘ ਨਿਜ਼ਾਮਣੀਵਾਲ**
**ਭਾਈ ਜੱਸਾ ਸਿੰਘ ਮਾਣਕੀ**
**ਭਾਈ ਦਲੀਪ ਸਿੰਘ ਖੱਟੜਾ**

ਆਵਾਜ਼ਿ ਕੌਮ AWAZE QAUM International Newspaper & WEB TV

# ਦਮਦਮੀ ਟਕਸਾਲ (ਜਥਾ ਭਿੰਡਰਾਂ ਮਹਿਤਾ) ਵੱਲੋਂ ਪ੍ਰਕਾਸ਼ਤ ਈਸਵੀ ਸੰਮਤ 2024 ਦਾ ਖਾਲਸਾ ਕੈਲੰਡਰ



ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰੇਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਨਗਰ ਕੀਰਤਨ ਕਾਜ਼ਲਮੋਰਾਨੋ

ਹੋਲੇ ਮਹੱਲੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਜਾਵੇਗਾ ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਸਾਹਿਬ ਜੀ ਦਮਦਮੀ ਟਕਸਾਲ ਕਾਜ਼ਲਮੋਰਾਨੋ ਵਿਖੇ ਹੀ ਨਗਰ ਕੀਰਤਨ ਕੱਢਿਆ ਜਾਵੇਗਾ।

ਚੁਪਹਿਰੇ ਦੇ ਪਾਠਾਂ ਦੀ ਅਰੰਭਤਾ ਹਰ ਐਤਵਾਰ 6:30 ਤੋਂ 9:30 ਵਜੇ ਤੱਕ ਭੋਗ ਪੈਣਗੇ।

ਸ਼੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ 22 ਮਾਰਚ ਸ਼ੁਕਰਵਾਰ 10:30 ਹੋਵੇਗੀ ਅਤੇ 24 ਐਤਵਾਰ 10:30 ਵਜੇ ਪੈਣਗੇ

☛ ਸ਼ੁੱਕਰਵਾਰ ਅਤੇ ਸਨੀਵਾਰ 23 ਮਾਰਚ ਸ਼ਾਮ 5 ਵਜੇ ਤੋਂ 8 ਵਜੇ ਤੱਕ ਦੀਵਾਨ ਸਜਣਗੇ। ☛ ਐਤਵਾਰ 24 ਮਾਰਚ 2024 ਸਾਢੇ 10.30 ਵਜੇ ਤੋਂ 12:30 ਦੀਵਾਨ ਸਜਣਗੇ।

ਪ੍ਰਚਾਰਕ ਜਥੇ ਕਥਾ ਕੀਰਤਨ , ਕਵੀਸ਼ਰੀ,ਢਾਡੀ ਜਥੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260


☛ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ।
☛ਆਪਣਾ ਕੀਮਤੀ ਸਮਾਂ ਕੱਢ ਕੇ ਸ਼ਹੀਦੀ ਅਸਥਾਨ ਤੇ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

## ਸ਼੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਆਰੰਭ ਹੋਈ ਸਲਾਨਾ ਯਾਤਰਾ ਦੌਰਾਨ

# ਗੁਰਦੁਆਰਾ ਸ੍ਰੀ ਨਾਨਕਮਤਾ ਸਾਹਿਬ ਵਿਖੇ ਪਹੁੰਚੀਆਂ










**ਵਿਸ਼ੇਸ਼ ਰਿਪੋਰਟ • ਆਵਾਜ਼ਿ ਕੌਮ ਬਿਊਰੋ**

ਸ਼੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਆਰੰਭ ਹੋਈ ਸਲਾਨਾ ਯਾਤਰਾ ਦੌਰਾਨ ਸ਼ਰਧਾਲੂਆਂ ਨੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ

ਆਵਾਜ਼ਿ ਕੌਮ AWAZE QAUM International Newspaper & WEB TV

ਨਾਨਕ ਦੇਵ ਮਹਾਰਾਜ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਗੁਰਦੁਆਰਾ ਸ੍ਰੀ ਨਾਨਕਮਤਾ ਸਾਹਿਬ ਵਿਖੇ ਦਰਸ਼ਨ ਕੀਤੇ। ਯਾਤਰਾ ਕਮੇਟੀ ਦੇ ਪ੍ਰਮੁੱਖ ਪ੍ਰਬੰਧਕ ਭਾਈ ਰਘਬੀਰ ਸਿੰਘ ਮਾਲੜੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖਾਲਸੇ ਦੀ ਜਨਮ ਭੂਮੀ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ ਤੋਂ ਦਰਸ਼ਨ ਕਰਨ ਉਪਰੰਤ ਯਾਤਰੂ ਜਥੇ ਨੇ ਸ੍ਰੀ ਪਾਉਂਟਾ ਸਾਹਿਬ ਵਿਖੇ ਪੜਾਅ ਕੀਤਾ ਅਤੇ ਗੁਰਦੁਆਰਾ ਸ੍ਰੀ ਪਾਉਂਟਾ ਸਾਹਿਬ ਸਮੇਤ ਗੁਰਦੁਆਰਾ ਕਵੀ ਦਰਬਾਰ ਗੁਰਦੁਆਰਾ ਦਸਤਾਰ ਅਸਥਾਨ ਅਤੇ ਗੁਰਦੁਆਰਾ ਸ੍ਰੀ ਕਿਰਪਾਲ ਸ਼ਿਲਾ ਵਿਖੇ ਦਰਸ਼ਨ ਕੀਤੇ। ਸ੍ਰੀ ਪਾਉਂਟਾ ਸਾਹਿਬ ਤੋਂ ਰਵਾਨਗੀ ਉਪਰੰਤ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਗੈਂਡੀ ਖਾਤਾ ਤੋਂ ਹੁੰਦੇ ਹੋਏ ਸ੍ਰੀ ਨਾਨਕਮਤਾ ਸਾਹਿਬ ਵਿਖੇ ਪਹੁੰਚੇ, ਜਿੱਥੇ ਸੰਗਤਾਂ ਭੋਰਾ ਸਾਹਿਬ, ਇਤਿਹਾਸਿਕ ਪਿੱਪਲ ਸਾਹਿਬ, ਗੁਰਦੁਆਰਾ ਬਾਬਾ ਅਲਮਸਤ ਜੀ, ਦੁਆਰਾ ਦੁੱਧ ਵਾਲਾ ਖੂਹ, ਗੁਰਦੁਆਰਾ ਭੰਡਾਰਾ ਸਾਹਿਬ ਵਿਖੇ ਨਤਮਸਤਕ ਹੋ ਈਆਂ। ਅੰਮ੍ਰਿਤ ਵੇਲੇ ਗੁਰਦੁਆਰਾ ਨਾਨਕਮਤਾ ਸਾਹਿਬ ਤੋਂ ਚੱਲ ਕੇ ਸੰਗਤਾਂ ਨੇ ਪਹਾੜੀ ਰਸਤੇ ਰਾਹੀਂ ਕਾਰਾਂ ਵਿੱਚ ਸਫ਼ਰ ਕਰਦਿਆਂ ਚੋਖੀ ਉਚਾਈ ਤੇ ਸਥਿਤ ਇਤਿਹਾਸਕ ਗੁਰਦੁਆਰਾ ਸ੍ਰੀ ਗੀਠਾ ਸਾਹਿਬ ਵਿਖੇ ਮੱਥਾ ਟੇਕਿਆ। ਭਾਈ ਮਾਲੜੀ ਨੇ ਹੋਰ ਦੱਸਿਆ ਕਿ ਸੰਗਤਾਂ ਦੇ ਨਾਲ ਪੰਜ ਤਖਤਾਂ ਅਤੇ ਇਤਿਹਾਸਕ ਗੁਰਦੁਆਰਿਆਂ ਦੀ ਯਾਤਰਾ ਕਰ ਰਹੇ ਪੰਥ ਪ੍ਰਸਿੱਧ ਕਥਾਵਾਚਕ ਗਿਆਨੀ ਰਾਜਪਾਲ ਸਿੰਘ ਜੀ ਬੋਪਾਰਾਏ ਨੇ ਜਥੇ ਵੱਲੋਂ ਸਰਬੱਤ



ਦੇ ਭਲੇ ਦੀ ਅਰਦਾਸ ਕੀਤੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਹੁਕਮਨਾਮੇ ਉਪਰੰਤ ਗੁਰਬਾਣੀ-ਇਤਿਹਾਸ ਦੀ ਕਥਾ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਬਾਬਾ ਸ਼ਾਮ ਸਿੰਘ ਜੀ ਕਾਰ ਸੇਵਾ ਵਾਲਿਆਂ ਪਾਸੋਂ ਸੰਗਤਾਂ ਨੇ ਮਿੱਠੇ ਗੀਠਿਆਂ ਦਾ ਪ੍ਰਸ਼ਾਦ ਪ੍ਰਾਪਤ ਕੀਤਾ। ਸੁੰਦਰ ਪਹਾੜੀਆਂ ਵਿੱਚ ਰਮਣੀਕ ਜਗ੍ਹਾ ਤੇ ਸੁਸ਼ੋਭਿਤ ਗੁਰਦੁਆਰਾ ਸਾਹਿਬ ਵਿਖੇ ਗੁਰੂ ਕਾ ਲੰਗਰ ਸੰਗਤਾਂ ਲਈ ਅਤੁੱਟ ਵਰਤਿਆ। ਇੱਥੋਂ ਦਰਸ਼ਨ ਕਰਕੇ ਸੰਗਤਾਂ ਸ਼ਾਮ ਤੱਕ ਵਾਪਸ ਗੁਰਦੁਆਰਾ ਸ੍ਰੀ ਨਾਨਕਮਤਾ ਸਾਹਿਬ ਵਿਖੇ ਪਹੁੰਚੀਆਂ। ਅਗਲੇ ਦਿਨ ਦੇ ਸਫ਼ਰ ਦੌਰਾਨ ਗੁਰਦੁਆਰਾ ਤੰਬੂ ਸਾਹਿਬ ਜੰਗਲ ਵਾਲਾ ਵਿਖੇ ਦਰਸ਼ਨ ਕਰਕੇ ਰਾਤ ਦਾ ਪੜਾਅ ਭਾਰਤ-ਨੇਪਾਲ ਦੀ ਅੰਤਰਰਾਸ਼ਟਰੀ ਸਰਹੱਦ ਦੇ ਨੇੜੇ ਗੁਰਦੁਆਰਾ ਲਖੀਮਪੁਰ ਖੀਰੀ ਉੱਤਰ ਪ੍ਰਦੇਸ਼ ਵਿਖੇ ਕੀਤਾ। ਬਾਬਾ ਕਾਲਾ ਸਿੰਘ ਜੀ ਕਾਰ ਸੇਵਾ ਵਾਲਿਆਂ ਵੱਲੋਂ ਭਾਈ ਗੁਰਮੀਤ ਸਿੰਘ, ਭਾਈ ਬਲਜੀਤ ਸਿੰਘ, ਭਾਈ ਹਰਜੀਤ ਸਿੰਘ ਆਦਿ ਨੇ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਵਧੀਆ ਰਿਹਾਇਸ਼ ਸਮੇਤ ਗੁਰੂ ਕੇ ਲੰਗਰ ਦੁਆਰਾ ਸ਼ਲਾਘਾਯੋਗ ਸੇਵਾਵਾਂ ਕੀਤੀਆਂ। ਯਾਤਰੂ ਜੱਥੇ ਵਿੱਚ ਸ਼ਾਮਿਲ ਬੀਬੀ ਭਜਨ ਕੌਰ ਬੈਂਸ ਨੇ ਦੱਸਿਆ ਕਿ ਇਸ ਤੋਂ ਅੱਗੇ ਸੰਗਤਾਂ ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਦਰਸ਼ਨ ਕਰਨ ਲਈ ਪਹੁੰਚਣਗੀਆਂ। ਭਾਈ ਗੁਰਪ੍ਰੀਤ ਸਿੰਘ ਗੋਪੀ ਵੱਲੋਂ ਆਵਾਜ਼ਿ-ਕੌਮ ਟੀਵੀ ਰਾਹੀਂ ਯਾਤਰਾ ਦੇ ਯਾਦਗਾਰੀ ਪਲਾਂ ਨੂੰ ਦੇਸ਼ ਵਿਦੇਸ਼ ਦੀਆਂ ਸੰਗਤਾਂ ਨਾਲ ਲਗਾਤਾਰ ਸਾਂਝਾ ਕੀਤਾ ਜਾ ਰਿਹਾ ਹੈ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਅਹੁਦੇਦਾਰਾਂ ਸਾਹਿਬਾਨਾਂ, ਪ੍ਰਧਾਨ ਸਾਹਿਬਾਨਾਂ ਅਤੇ ਸਮੂਹ ਵਰਕਰ ਸਾਹਿਬਾਨਾਂ ਨੂੰ ਅਪੀਲ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ
ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਅਹੁਦੇਦਾਰਾਂ ਸਾਹਿਬਾਨਾਂ, ਪ੍ਰਧਾਨ ਸਾਹਿਬਾਨਾਂ ਅਤੇ ਸਮੂਹ ਵਰਕਰ ਸਾਹਿਬਾਨਾਂ ਨੂੰ ਬੇਨਤੀ ਹੈ ਕਿ ਵੀਹਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ, ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਜੀਆ ਦੇ ਹੁਕਮਾਂ ਅਨੁਸਾਰ ਮਿਤੀ 01-03-2024 ਦਿਨ ਸ਼ੁੱਕਰਵਾਰ ਟਾਈਮ ਸਵੇਰੇ 10 ਵਜੇ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਜਥੇਬੰਦੀ ਦੀ ਮੀਟਿੰਗ ਹੈ ਅਤੇ ਧੰਨ ਸ੍ਰੀ ਗੁਰੂ ਰਾਮਦਾਸ ਜੀ ਮਹਾਰਾਜ ਜੀ ਦੇ ਲੰਗਰਾਂ ਵਿੱਚ ਸੇਵਾ ਕਰਨੀ ਹੈ ਸਾਰੇ ਸਿੰਘਾਂ ਨੇ ਜਰੂਰ ਪਹੁੰਚਣਾ ਜੀ ਧੰਨਵਾਦ ਵੱਲੋ ਜਥੇਦਾਰ ਹਰਚੰਦ ਸਿੰਘ ਚਕਰ ਪੰਜਾਬ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ
Phone 9872725438



## ਪੈਨ ਖੜ੍ਹਾ ਕਰਕੇ ਸਾਹਿਬ ਅਕਸਰ ਹੀ ਆਪਣੇ

# ਸਮਾਜ ਦੇ ਲੋਕਾਂ ਨੂੰ ਜਾਗਰੂਕ ਕਰਨ ਲਈ ਸੰਬੋਧਨ ਕਰਦੇ

ਬਹੁਜਨਾਂ ਦੇ ਮਸੀਹਾ,ਮਹਾਂਨਾਇਕ,ਮਹਾਨ ਤਿਆਗੀ,ਮਹਾਨ ਤਪੱਸਵੀ,ਬਹੁਜਨਾਂ ਦੇ ਮਾਰਗ ਦਰਸ਼ਕ ਅਤੇ ਸਾਇੰਸਦਾਨ ਤੋਂ ਬਣੇ ਸਮਾਜਿਕ ਸਾਇੰਸਦਾਨ ਮਾਨਿਆਵਰ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਦੀ ਸਘੰਰਸ਼ਭਰੀ ਅਤੇ ਤਿਆਗਭਰੀ ਜ਼ਿੰਦਗੀ ਦੀ ਦਾਸਤਾਨ ਨੂੰ ਤੁਹਾਡੇ ਰੂ-ਬ-ਰੂ ਕਰਦੇ ਹਾਂ।

ਮੈਂ ਆਪਣੇ ਸਮਾਜ ਦੇ ਲੋਕਾਂ ਨੂੰ ਦੱਸਿਆ ਹੈ ਕਿ ਇਹ ( ਪੈੱਨ ਖੜ੍ਹਾ ਕਰਕੇ ) ਬ੍ਰਾਹਮਣਵਾਦ ਇਸ ਤਰਾਂ ਖੜ੍ਹਾ ਹੈ। ਇਸ ਦੇਸ਼ ਦੀ ਸਮਾਜਿਕ ਵਿਵਸਥਾ ਇਸ ਤਰਾਂ ਖੜ੍ਹੀ ਹੈ ( ਪੈੱਨ ਖੜ੍ਹਾ ਕਰਕੇ ਸਮਝਾਉਂਦੇ ਹਨ ) ਬ੍ਰਾਹਮਣ,ਖ਼ੱਤਰੀ, ਵੈਸ਼ਯ ਉੱਪਰ ਹਨ। ਤਾਂ ਮੈਂ ਇਨ੍ਹਾਂ ਨੂੰ ਦੱਸਦਾ ਹਾਂ ਕਿ (Benificary of the system) 'ਬੈਨੀਫੀਸਰੀ ਆਫ ਦੀ ਸਿਸਟਮ ' ਅਤੇ ਇਸਦੇ (Dividing Line) ਡਿਵਾਈਡਿੰਗ ਲਾਈਨ' ਦੇ ਹੇਠਾਂ ਜੋ ਹੈ ,ਇਹ (victim of System) 'ਵਿਕਟਮ ਆਫ ਸਿਸਟਮ ' ਤੇ ਜੋ (victim) ਵਿਕਟਮ ਹੈ,ਜੋ (Benificary) ਬੈਨੀਫੀਸਰੀ ਹੈ, ਉਹਨਾਂ ਨੇ ਇਸ ਸਿਸਟਮ ਨੂੰ ਬਣਾਇਆ ਹੈ। ਉਹ ਇਸ ਤਰਾਂ ਟਿਕਾਈ ਰੱਖ ਦੇ ਹਨ (ਪੈੱਨ ਵੱਲ ਇਸ਼ਾਰਾ ਕਰਕੇ ) ਅਤੇ ਮੈਂ ਕਹਿੰਦਾ ਹਾਂ ਕਿ ਭਾਈ ਅਗਰ ਬ੍ਰਾਹਮਣ ਉੱਪਰ ਹੈ ਅਤੇ ਸਡਿਊਲਡ ਕਾਸਟ ਦਾ ਆਦਮੀ ਨੀਚੇ ਹੈ ਤਾਂ ਉਹਦੇ ਉੱਪਰ ਇਹ ਸਾਰੇ ਲੋਕ ਬੋਝ ਬਣੇ ਹੋਏ ਹਨ ।ਜਿਸ ਦੇ ਨਾਲ ਮੇਰੇ ਸਮਾਜ ਦੇ ਲੋਕਾਂ ਨੂੰ ਕੰਮ ਕਰਨ ਵਿੱਚ ਬਹੁਤ ਵੱਡੀਆਂ ਸਮੱਸਿਆਵਾਂ ਆਉਂਦੀਆਂ ਹਨ। ਕਿਉਂਕਿ ਇਹ ਇੱਕ ਨਿਯਮ ਵੀ ਹੈ ਕਿ ਅਗਰ ਤੁਸੀਂ ਨਾਰਮਲ ਪੁਜੀਸ਼ਨ ਵਿੱਚ ਖੜ੍ਹਾ ਹੋ ਕੇ ਕੰਮ ਕਰ ਸਕਦੇ ਹੋ। ਉਸ ਕੰਮ ਨੂੰ ਕਰਨ ਵਿੱਚ ਤੁਹਾਨੂੰ ਆਸਾਨੀ ਵੀ ਹੋਵੇਗੀ ਅਤੇ ਤੁਸੀਂ ਉਸੇ ਕੰਮ ਨੂੰ ਬਿਨਾਂ ਥੱਕੇ ਜਿਆਦਾ ਦੇਰ ਤੱਕ ਕੰਮ ਕਰਨ ਵਿੱਚ ਕਾਮਯਾਬ ਹੋਵੇਗੇ।

ਇਸਦੇ ਉਲਟ ਜਦੋਂ ਤੁਹਾਡੇ ਸਿਰ ਉੱਤੇ ਭਾਰ (ਬੋਝ) ਹੋਵੇਗਾ ਤਾਂ ਤੁਸੀਂ ਉਸ ਕੰਮ ਨੂੰ ਆਸਾਨੀ ਨਾਲ ਨਹੀਂ ਕਰ ਸਕਦੇ, ਜਿਸ ਦਾ ਨਤੀਜਾ ਇਹ ਨਿਕਲੇਗਾ ਕਿ ਤੁਸੀਂ ਬਹੁਤ ਹੀ ਜਲਦੀ ਥੱਕ ਹਾਰ ਕੇ ਬੈਠਣ ਲਈ ਮਜਬੂਰ ਹੋ ਜਾਵੋਂਗੇ। ਮੈਂ ਆਪਣੇ ਸਮਾਜ ਨੂੰ ਜਗਾਉਣ ਲੱਗਾ ਹੋਇਆ ਹਾਂ ਕਿ ਤੁਸੀਂ ਇਸ ਸਿਸਟਮ ਨੂੰ Horizontal ਮਤਲਬ ਕਿ (ਧਰਤੀ ਉੱਤੇ ਲੰਮੇ) ਪਾਉਣ ਦੀ ਕੋਸ਼ਿਸ਼ ਕਰੋ ( ਪੈੱਨ ਲੰਬਾ ਪਾਕੇ ) ਜਿਹਦੇ ਵਿੱਚ ਬ੍ਰਾਹਮਣ ਇੱਧਰ (ਇੱਕ ਪਾਸੇ) ਹੈ ,ਸਡਿਊਲਡ ਕਾਸਟ ਉੱਧਰ (ਦੂਜੇ ਪਾਸੇ) ਹੈ। (ਇੱਕ ਹੀ ਲਾਈਨ) ਵਿੱਚ ਕਰ ਦਿੱਤਾ ਜਾਵੇ ਤਾਂ ਫਿਰ ਕਿਸੇ ਨੂੰ ਵੀ ਕੋਈ ਤਕਲੀਫ ਨਹੀਂ ਹੋਵੇਗੀ। ਅਗਰ ਸਿਸਟਮ ਇਸ ਤਰ੍ਹਾਂ ਦੇ ਨਾਲ ਹੋ ਗਿਆ ਤਾਂ ਸਾਡੇ ਸਮਾਜ ਦੇ ਕਿਸੇ ਵੀ ਵਿਅਕਤੀ ਨੂੰ ਕੋਈ ਵੀ ਤਕਲੀਫ ਨਹੀਂ ਹੋਵੇਗੀ।

ਕਿਉਂਕਿ ਅਗਰ ਵਿਵਸਥਾ ਨੂੰ Horizontal ਮਤਲਬ ਕਿ ਬਰਾਬਰ ਕੀਤਾ ਜਾਵੇ ਤਾਂ ਮੈਂ ਸਮਝਦਾ ਹਾਂ ਕਿ ਸਾਨੂੰ ਕੋਈ ਸਮੱਸਿਆ ਨਹੀਂ ਆਉਣੀ ਹੈ। ਮੈਂ ਤਾਂ ਆਪਣੇ ਸਮਾਜ ਦੇ ਲੋਕਾਂ ਨੂੰ ਵਾਰ ਵਾਰ ਇਹ ਉਦਾਹਰਣਾਂ ਦੇ ਕੇ ਸਮਝਾਉਣ ਦੀ ਹਮੇਸ਼ਾਂ ਇਹੀ ਕੋਸ਼ਿਸ਼ ਕਰਨ ਵਿੱਚ ਲੱਗਾ ਰਹਿੰਦਾ ਹਾਂ ਕਿ ਮੇਰਾ ਸਮਾਜ ਮੇਰੀ ਇਸ ਗੱਲ ਨੂੰ ਮੰਨ ਕੇ ਸਮਝ ਕੇ (Horizontal) ਬਰਾਬਰ ਪੁਜੀਸ਼ਨ ਵਿੱਚ ਆ ਜਾਵੇ। ਇਸ ਦੇ ਨਾਲ ਮੇਰਾ ਸਮਾਜ ਜ਼ੋ ਹਜ਼ਾਰਾਂ ਸਾਲਾਂ ਆਪਣੀਆਂ ਬੁਨਿਆਦੀ ਸਹੂਲਤਾਂ ਤੋਂ ਸੱਖਣਾ ਹੈ ।ਇਸ ਤਰ੍ਹਾਂ ਕਰਨ ਨਾਲ ਉਹਨਾਂ ਨੂੰ ਵੀ ਸਾਰੀਆਂ ਸਹੂਲਤਾਂ ਬਰਾਬਰ ਮਿਲਣਗੀਆਂ। ਇਸ ਕਰਕੇ ਹੀ ਮੈਂ ਆਪਣੀ ਆਲੀਸ਼ਾਨ ਜ਼ਿੰਦਗੀ ਨੂੰ ਤਿਆਗ ਕੇ ਆਪਣੇ ਸਮਾਜ ਦੇ ਲੋਕਾਂ ਨੂੰ ਜਾਗਰੂਕ ਕਰਨ ਲਈ ਉਹਨਾਂ ਦੇ ਦਰ ਦਰ ਉਤੇ ਜਾਕੇ ਅਲਖ ਜਗਾਉਣ ਲੱਗਿਆ ਹੋਇਆ ਹਾਂ।

ਮੈਂ 15 ਟਕੇ ਵਾਲਿਆਂ ਦੀ ਠੇਕੇਦਾਰੀ ਨੂੰ ਪੱਕੇ ਤੌਰ ਉਤੇ ਖਤਮ ਕਰਕੇ 85 ਟਕੇ ਵਾਲਿਆਂ ਦੀ ਠੇਕੇਦਾਰੀ ਸਥਾਪਿਤ ਕਰਨਾ ਚਾਹੁੰਦਾ ਹਾਂ-ਸਾਹਿਬ ਕਾਂਸ਼ੀ ਰਾਮ।

( 19 ਦਿਸੰਬਰ 1993 ਨੂੰ Zee TV ਨੂੰ ਦਿੱਤੇ ਇੰਟਰਵਿਊ ਚੋਂ)
ਜੁੱਗ ਪਲਟਾਊ ਬਹੁਜਨ ਮਹਾਂਨਾਇਕ
ਮੈਂ ਕਾਂਸ਼ੀ ਰਾਮ ਬੋਲਦਾ ਹਾਂ ਭਾਗ -2
ਪੰਮੀ ਲਾਲੋ ਮਜਾਰਾ- ਟੁੱਟੀਆਂ ਚੱਪਲਾਂ ਦੇ ਨਿਸ਼ਾਨਾਂ ਦਾ ਖੋਜੀ।

**ਪੇਸ਼ਕਸ਼ : ਇੰਜੀਨੀਅਰ ਤੇਜਪਾਲ ਸਿੰਘ, 94177-94756**
**ਮੈਡਮ ਸਤਵੰਤ ਕੌਰ (ਮਿਸ਼ਨਰੀ), 97811-00478**

## ਨਾਮਵਰ ਫਿਲਮੀ ਚਿਹਰੇ ਸਵਿੰਦਰ ਮਾਹਲ, ਅਨੀਤਾ ਦੇਵਗਨ, ਹਰਦੀਪ ਗਿੱਲ, ਅਰਵਿੰਦਰ ਭੱਟੀ ਅਤੇ ਸੁਰਿੰਦਰ ਫਰਿਸ਼ਤਾ ਨੇ ਭਰੀ ਹਾਜ਼ਰੀ

# ਆਤਮ ਪਬਲਿਕ ਸਕੂਲ ਵਿਖੇ ਹੋਇਆ ਸਲਾਨਾ ਇਨਾਮ ਵੰਡ ਸਮਾਰੋਹ

**ਚੌਕ ਮਹਿਤਾ, 28 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਵਿੱਦਿਆ ਦੇ ਖੇਤਰ ਵਿਚ ਮੋਹਰੀ ਰੋਲ ਅਦਾ ਕਰਨ ਵਾਲਾ ਸਥਾਨਕ ਆਤਮ ਪਬਲਿਕ ਸਕੂਲ ਇਸਲਾਮਾਬਾਦ ਵਿਖੇ ਅਜ ਸਕੂਲ ਦਾ ਸਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ।ਜਿਸ ਦੀ ਪ੍ਰਧਾਨਗੀ ਪੰਜਾਬੀ ਅਤੇ ਹਿੰਦੀ ਫਿਲਮਾਂ ਦੇ ਨਾਮਵਰ ਚਿਹਰੇ ਸਵਿੰਦਰ ਮਾਹਲ, ਹਰਦੀਪ ਗਿੱਲ, ਅਨੀਤਾ ਦੇਵਗਨ, ਅਰਵਿੰਦਰ ਸਿੰਘ ਭੱਟੀ , ਸੁਰਿੰਦਰ ਫਰਿਸ਼ਤਾ ਅਤੇ ਦੀਪ ਦੇਵਿੰਦਰ ਸਿੰਘ ਨੇ ਸਾਂਝੇ ਤੌਰ ਤੇ ਕੀਤੀ, ਜਦਕਿ ਹਲਕਾ ਅਮ੍ਰਿਤਸਰ ਉੱਤਰੀ ਦੇ ਵਿਧਾਇਕ ਕੁੰਵਰ ਵਿਜੇ ਪਰਤਾਪ ਸਿੰਘ, ਹਲਕਾ ਪੱਛਮੀ ਦੇ ਵਿਧਾਇਕ ਜਸਬੀਰ ਸਿੰਘ ਸੰਧੂ, ਅਮ੍ਰਿਤਸਰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਸ਼੍ਰੀ ਅਸ਼ੋਕ ਤਲਵਾੜ, ਕੈਬਨਿਟ ਮੰਤਰੀ ਸ੍ਰੀ ਹਰਭਜਨ ਸਿੰਘ ਈ ਟੀ ਦੇ ਧਰਮ ਪਤਨੀ ਸਰਦਾਰਨੀ ਸੁਰਿੰਦਰ ਕੌਰ ਵਿਸ਼ੇਸ਼ ਮਹਿਮਾਨ ਦੇ ਤੌਰ ਤੇ ਸ਼ਾਮਲ ਹੋਏ। ਸਕੂਲ ਦੇ ਡਾਇਰੈਕਟਰ ਪ੍ਰਤੀਕ ਸਹਿਦੇਵ ਦੇ ਸਵਾਗਤੀ ਸਬਦਾਂ ਨਾਲ ਸ਼ੁਰੂ ਹੋਏ ਇਸ ਸਮਾਗਮ ਵਿੱਚ ਪ੍ਰਿੰ ਅੰਕਿਤ ਸਹਿਦੇਵ ਨੇ ਸਕੂਲ ਦੀ ਸਲਾਨਾ ਰੀਪੋਰਟ ਪੇਸ਼ ਕੀਤੀ। ਫਿਲਮੀ ਅਦਾਕਾਰ ਸਵਿੰਦਰ ਮਾਹਲ ਅਤੇ ਵਿਦਿਆਰਥੀ ਹਾਜਰ ਸਨ।




ਨੇ ਅਮ੍ਰਿਤਸਰ ਨਾਲ ਜੁੜੀਆਂ ਯਾਦਾਂ ਸਾਂਝੀਆਂ ਕਰਦਿਆਂ ਕਿਹਾ ਕਿ ਉਹਨਾਂ ਆਪਣੇ ਕੈਰੀਅਰ ਦੀ ਸ਼ੁਰੂਆਤ ਗੁਰੂ ਨਗਰੀ ਤੋਂ ਉਹਨਾਂ ਦੀ ਬਹੁ ਚਰਚਿਤ ਫਿਲਮ ਪਟਵਾਰੀ ਨਾਲ ਹੀ ਕੀਤੀ ਸੀ ।ਹਰਦੀਪ ਗਿੱਲ ਅਤੇ ਅਨੀਤਾ ਦੇਵਗਨ ਨੇ ਵਧਾਈ ਦਿੰਦਿਆ ਕਿਹਾ ਕਿ ਇਹ ਸਕੂਲ ਉਹਨਾਂ ਦੇ ਥਿਏਟਰ ਗਰੁੱਪ ਦੀ ਕਰਮ ਭੂਮੀ ਰਿਹਾ ਹੈ।ਵਿਧਾਇਕ ਕੁੰਵਰ ਵਿਜੇ ਪਰਤਾਪ ਸਿੰਘ, ਵਿਧਾਇਕ ਜਸਬੀਰ ਸਿੰਘ ਸੰਧੂ ਅਤੇ ਸੁਰਿੰਦਰ ਕੌਰ ਨੇ ਵੀ ਸਕੂਲ ਸਟਾਫ ਦੀ ਸਰਾਹਨਾ ਕਰਦਿਆਂ ਕਿਹਾ ਕਿ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਸਮੇਂ ਦੀ ਮੁੱਖ ਲੋੜ ਹੈ। ਮੋਹਿਤ ਸਹਿਦੇਵ ਅਤੇ ਕੋਮਲ ਸਹਿਦੇਵ ਨੇ ਸਾਂਝੇ ਤੌਰ ਤੇ ਧੰਨਵਾਦ ਕੀਤਾ। ਇਸ ਮੌਕੇ ਸੁਮੀਤ ਸਿੰਘ, ਨਾਵਲਕਾਰ ਵਜੀਰ ਸਿੰਘ ਰੰਧਾਵਾ,ਚੰਦਰ ਪ੍ਰਕਾਸ਼, ਸੁਭਾਸ਼ ਪਰਿੰਦਾ, ਨਵਦੀਪ ਕੁਮਾਰ, ਪਰਮਜੀਤ ਕੌਰ, ਤ੍ਰਿਪਤਾ ਮੈਮ, ਪੂਨਮ ਸ਼ਰਮਾ, ਸ਼ਮੀ ਮਹਾਜਨ, ਮੀਨਾਕਸ਼ੀ ਮਿਸ਼ਰਾ, ਨੀਤੂ ਪਰਿੰਦਾ, ਕਮਲਜੋਤ,ਰਿੰਪੀ, ਸ਼ਿਖਾ ਭਲਾ,ਰਵਨੀਤ, ਹਰਜੀਤ ਕੌਰ, ਮੀਨਾਕਸ਼ੀ ਟਾਂਗਰੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਧਿਆਪਕ,ਮਾਪੇ ਅਤੇ ਵਿਦਿਆਰਥੀ ਹਾਜਰ ਸਨ।

# ਸ੍ਰੀ ਹਜ਼ੂਰ ਸਾਹਿਬ ਨਾਂਦੇੜ ਜਾਣ ਵਾਲੀਆਂ ਸੰਗਤਾਂ ਲਈ ਵੱਡਾ ਤੋਹਫਾ, ਹਵਾਈ ਸੇਵਾ ਜਲਦ ਸ਼ੁਰੂ : ਡਾ. ਵਿਜੇ ਸਤਬੀਰ ਸਿੰਘ

ਚੌਕ ਮਹਿਤਾ28 ਫਰਵਰੀ( ਬਾਬਾ ਸੁਖਵੰਤ ਸਿੰਘ ਚੰਨਣਕੇ)-ਗੁਰਦੁਆਰਾ ਸੱਚਖੰਡ ਬੋਰਡ ਨਾਂਦੇੜ ਦੇ ਚੇਅਰਮੈਨ ਡਾ. ਵਿਜੇ ਸਤਬੀਰ ਸਿੰਘ ਨੇ ਇਹ ਜਾਣਕਾਰੀ ਦਿੰਦਿਆਂ ਖ਼ੁਸ਼ੀ ਜਾਹਿਰ ਕੀਤੀ ਕਿ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਲਈ ਹਵਾਈ ਜਹਾਜ ਦੀ ਸੇਵਾ ਮਾਰਚ ਦੇ ਤੀਸਰੇ ਜਾਂ ਚੌਥੇ ਹਫਤੇ ਆਰੰਭ ਹੋਣ ਜਾ ਰਹੀ ਹੈ ਇੱਥੇ ਇਹ ਜ਼ਿਕਰਯੋਗ ਹੈ ਕਿ ਪਿਛਲੇ ਤਿੰਨ ਸਾਲਾਂ ਤੋਂ ਹਵਾਈ ਸੇਵਾਵਾਂ ਪੂਰੀ ਤਰ੍ਹਾਂ ਠੱਪ ਹੋਣ ਕਾਰਨ ਦੇਸ਼ ਵਿਦੇਸ਼ ਵਿੱਚ ਵੱਸਦੇ ਸਿੱਖ ਭਾਈਚਾਰੇ ਨੂੰ ਸ੍ਰੀ ਹਜ਼ੂਰ ਸਾਹਿਬ ਆਉਣ ਜਾਣ 'ਚ ਕਾਫੀ ਔਕੜਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਇਸ ਸੰਬੰਧੀ ਗੁਰਦੁਆਰਾ ਸੱਚਖੰਡ ਬੋਰਡ ਦੇ ਪ੍ਰਬੰਧਕਾਂ ਨੂੰ ਸੰਗਤਾਂ ਤੇ ਕਈ ਸੰਸਥਾਵਾਂ ਵੱਲੋਂ ਲਗਾਤਾਰ ਪੱਤਰ ਵੀ ਪ੍ਰਾਪਤ ਹੋ ਰਹੇ ਸਨ ਜਾਣਕਾਰੀ ਦਿੰਦਿਆਂ ਸ੍ਰ ਠਾਨ ਸਿੰਘ ਬੁੰਗਈ ਸੁਪਰਡੈਂਟ ਗੁਰਦਆਰਾ ਸੱਚਖੰਡ ਬੋਰਡ ਨੇ ਦੱਸਿਆ ਕਿ ਸੰਗਤ ਦੀ ਇਸ ਵਾਜਿਬ ਮੰਗ ਨੂੰ ਡਾ. ਵਿਜੇ ਸਤਬੀਰ ਸਿੰਘ ਨੇ ਗੰਭੀਰਤਾ ਨਾਲ ਲੈਂਦੇ ਹੋਏ ਨਿੱਜੀ ਤੌਰ 'ਤੇ ਕੇਂਦਰੀ ਹਵਾਬਾਜੀ ਮੰਤਰੀ ਅਤੇ ਸੰਬੰਧਤ ਉੱਚ ਅਧਿਕਾਰੀਆਂ ਨਾਲ ਲਗਾਤਾਰ ਮੀਟਿੰਗਾਂ ਕੀਤੀਆਂ, ਜਿਸਦੇ ਫਲਸਰੂਪ ਕੇਂਦਰ ਸਰਕਾਰ ਵਲੋਂ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਲਈ ਹਵਾਈ ਸੇਵਾਵਾਂ ਜਲਦ ਮਾਰਚ ਮਹੀਨੇ ਵਿੱਚ ਸ਼ੁਰੂ ਕਰਨ ਦਾ ਭਰੋਸਾ ਦਿਤਾ ਗਿਆ ਹੈ। ਇਨ੍ਹਾਂ ਹਵਾਈ ਸੇਵਾਵਾਂ ਦਾ ਰੂਟ ਨਾਂਦੇੜ (ਮਹਾਰਾਸ਼ਟਰ) ਤੋਂ ਪੰਜਾਬ, ਗਾਜੀਆਬਾਦ (ਯੂ.ਪੀ) ਆਦਿ ਦਾ ਹੋਵੇਗਾ । ਡਾ. ਵਿਜੇ ਸਤਬੀਰ ਸਿੰਘ ਜੀ ਚੇਅਰਮੈਨ ਨੇ ਸਿੱਖ ਸੰਗਤ ਦੀ ਚਿਰੋਕਣੀ ਮੰਗ ਪੂਰੀ ਕਰਨ ਲਈ ਭਾਰਤ ਦੇ ਮਾਨਯੋਗ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ, ਸ੍ਰੀ ਅਮਿਤ ਸ਼ਾਹ ਜੀ ਕੇਂਦਰੀ ਗ੍ਰਹਿ ਮੰਤਰੀ,ਸ੍ਰੀ ਜੋਤੀਰਾਦਿਤਯ ਸਿੰਧੀਆ ਸਿਵਲ ਅਵੇਸ਼ਨ ਮੰਤਰੀ ਦਾ ਤਹਿਦਿਲੋਂ ਧੰਨਵਾਦ ਕੀਤਾ ਇਸ ਦੇ ਨਾਲ ਹੀ ਡਾ. ਵਿਜੇ ਸਤਬੀਰ ਸਿੰਘ ਨੇ ਕਿਹਾ ਕਿ ਮਹਾਰਾਸ਼ਟਰ ਸਟੇਟ ਦੇ ਮੁੱਖ ਮੰਤਰੀ ਸ੍ਰੀ ਏਕਨਾਥ ਸ਼ਿੰਦੇ, ਸ੍ਰੀ ਦੇਵਿੰਦਰ ਫੜਨਵੀਸ ਉਪ ਮੁੱਖ ਮੰਤਰੀ ਤੇ ਸ੍ਰੀ ਅਜੀਤ ਪਵਾਰ ਉਪ ਮੁੱਖ ਮੰਤਰੀ, ਸ੍ਰੀ ਪ੍ਰਤਾਪ ਰਾਵ ਚਿਖਲੀਕਰ ਐਮ.ਪੀ., ਤੇ ਸ੍ਰੀ ਅਸ਼ੋਕ ਰਾਓ ਚਵਾਨ ਐਮ.ਪੀ. ਆਦਿ ਦਾ ਵੀ ਮੈਂ ਧੰਨਵਾਦ ਕਰਦਾ ਹਾਂ ਜਿਨ੍ਹਾਂ ਨੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਲਈ ਹਵਾਈ ਸੇਵਾਵਾਂ ਸ਼ੁਰੂ ਕਰਨ ਵਿਚ ਭੂਮਿਕਾ ਨਿਭਾਈ। ਪੰਜਾਬੀ ਪ੍ਰਮੋਸ਼ਨ ਕੌਂਸਲ ਦੇ ਪ੍ਰਧਾਨ ਸ੍ਰ: ਜਸਵੰਤ ਸਿੰਘ ਬੌਬੀ ਨੇ ਕਿਹਾ ਕਿ ਡਾ. ਵਿਜੇ ਸਤਬੀਰ ਸਿੰਘ ਜੀ ਵਲੋਂ ਕੇਂਦਰ ਅਤੇ ਸਟੇਟ ਸਰਕਾਰ ਨਾਲ ਲਗਾਤਾਰ ਕੀਤੀਆਂ ਮੀਟਿੰਗਾਂ ਅਤੇ ਅਣਥੱਕ ਕੋਸ਼ਿਸ਼ਾਂ ਦਾ ਨਤੀਜਾ ਹੈ ਕਿ ਹੁਣ ਸ੍ਰੀ ਹਜ਼ੂਰ ਸਾਹਿਬ ਲਈ ਹਵਾਈ ਸੇਵਾ ਸ਼ੁਰੂ ਆਰੰਭ ਹੋਣ ਜਾ ਰਹੀ ਹੈ। ਇਸ ਨਾਲ ਦੇਸ਼ ਵਿਦੇਸ਼ ਵਿਚ ਵਸਦੀਆਂ ਸੰਗਤਾਂ ਨੂੰ ਹੁਣ ਭਾਰੀ ਲਾਭ ਹੋਵੇਗਾ।



# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ ਪੰਜਾਬ ਵੱਲੋਂ ਭੇਂਟ ਪੱਤਣ ਵਿਖੇ ਮੈਡੀਕਲ ਕੈਂਪ 2 ਮਾਰਚ ਨੂੰ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 28 ਫ਼ਰਵਰੀ ਕੁਲਜੀਤ ਸਿੰਘ ਖੋਖਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਰਜਿ ਪੰਜਾਬ ਸਰਕਲ ਹਰਚੋਵਾਲ ਵੱਲੋਂ ਹਰ ਸਾਲ ਦੀ ਤਰ੍ਹਾਂ ਭੇਂਟ ਪੱਤਣ ਦਰਿਆ ਦੇ ਨਜ਼ਦੀਕ ਫ੍ਰੀ ਮੈਡੀਕਲ ਕੈਂਪ ਲਗਾਇਆ ਜਾਂਦਾ ਹੈ ।ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਡਾ ਗੁਰਨੇਕ ਸਿੰਘ ਹਰਚੋਵਾਲ ਅਤੇ ਡਾ ਸਤਨਾਮ ਸਿੰਘ ਕੰਡੀਲਾ ਨੇ ਦੱਸਿਆ ਕਿ ਪਿੱਛਲੇ ਲੰਮੇਂ ਸਮੇਂ ਤੋਂ 2 ਮਾਰਚ ਨੂੰ ਭੇਂਟ ਪੱਤਣ ਵਿਖੇ ਚੋਲਾ ਸਾਹਿਬ ਦੇ ਮੇਲੇ ਨੂੰ ਸਮਰਪਿਤ ਫ੍ਰੀ ਮੈਡੀਕਲ ਕੈਂਪ ਲਗਾਇਆ ਜਾਂਦਾ ਹੈ ਅਤੇ ਲੱਖਾਂ ਸੰਗਤਾਂ ਇਸ ਕੈਂਪ ਦਾ ਫਾਇਦਾ ਉਠਾਉਂਦੀਆਂ ਹਨ ।ਇਸ ਮੌਕੇ ਖ਼ੂਨਦਾਨ ਕੈਂਪ ਵੀ ਲਗਾਇਆ ਜਾਂਦਾ ਹੈ ।ਇਸ ਮੌਕੇ ਡਾ ਅਵਤਾਰ ਸਿੰਘ ਕਿੱਲਾ ਲਾਲ ਸਿੰਘ ਮੀਤ ਪ੍ਰਧਾਨ, ਡਾ ਪਿਆਰਾ ਸਿੰਘ ਹੰਬੋਵਾਲ,ਡਾ ਦਿਲਬਾਗ ਸਿੰਘ ਪੰਨੂ,ਡਾ ਬਲਬੀਰ ਸਿੰਘ ਘੁਮਾਣ,ਡਾ ਕਸ਼ਮੀਰ ਸਿੰਘ ਨਾਗੀ,ਡਾ ਸ਼ਿਵੰਦਰ ਸਿੰਘ ਠੱਕਰ ਸੰਧੂ ਆਦਿ ਹਾਜ਼ਰ ਸਨ।



# ਜਲਾਵਤਨੀ ਯੋਧੇ ਸਿੱਖ ਭਾਈ ਪ੍ਰਗਟ ਸਿੰਘ ਨਿੱਝਰ ਅਤੇ ਭਾਈ ਸੁਰਜੀਤ ਸਿੰਘ ਨਿੱਝਰ ਦੇ ਸਤਿਕਾਰਯੋਗ ਮਾਤਾ ਨਿਰੰਜਨ ਕੌਰ ਜੀ ਦੇ ਅੰਤਿਮ ਸੰਸਕਾਰ ਦੀਆਂ ਕੁਝ ਯਾਦਾਂ




















ਜਲਾਵਤਨੀ ਯੋਧੇ ਸਿੱਖ ਭਾਈ ਪ੍ਰਗਟ ਸਿੰਘ ਨਿੱਝਰ ਅਤੇ ਭਾਈ ਸੁਰਜੀਤ ਸਿੰਘ ਨਿੱਝਰ ਦੇ ਸਤਿਕਾਰਯੋਗ ਮਾਤਾ ਨਿਰੰਜਨ ਕੌਰ ਧਰਮ ਸੁਪਤਨੀ ਸਵਰਗਵਾਸੀ ਸਰਦਾਰ ਸਾਧੂ ਸਿੰਘ ਦੇ ਅੰਤਿਮ ਸੰਸਕਾਰ ਸਮੇਂ ਪਿੰਡ ਨਿੱਝਰਾਂ ਜਲੰਧਰ ਪੰਜਾਬ ਵਿਖੇ ਅੱਜ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਮੈਂਬਰ ਅਤੇ ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਕੁਰਬਾਨੀ ਵਾਲੇ ਸਿੰਘ ਭਾਈ ਕਰਮਜੀਤ ਸਿੰਘ ਸੁਨਾਮ ਵੀ ਹਾਜ਼ਰ ਹੋਏ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)



# ਜਲਾਵਤਨੀ ਯੋਧੇ ਸਿੱਖ ਭਾਈ ਪ੍ਰਗਟ ਸਿੰਘ ਨਿੱਝਰ ਅਤੇ ਭਾਈ ਸੁਰਜੀਤ ਸਿੰਘ ਨਿੱਝਰ ਦੇ ਸਤਿਕਾਰਯੋਗ ਮਾਤਾ ਨਿਰੰਜਨ ਕੌਰ ਜੀ ਦੇ ਅੰਤਿਮ ਸੰਸਕਾਰ ਦੀਆਂ ਕੁਝ ਯਾਦਾਂ







ਆਵਾਜ਼ਿ ਕੌਮ AWAZE QAUM International Newspaper & WEB TV











ਮਾਤਾ ਜੀ ਦੇ ਅੰਤਿਮ ਸਸਕਾਰ ਦੀਆਂ ਕੁਝ ਤਸਵੀਰਾਂ।

## ਕੌਮ ਦੇ ਮਹਾਨ ਸ਼ਹੀਦ ਬਾਬਾ ਗੁਰਬਚਨ ਸਿੰਘ ਜੀ ਮਾਨੋਚਾਹਲ ਦੇ 31ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ

# ਸਮਾਗਮ ਵਿਚ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਨੌਜਵਾਨਾਂ ਨੇ ਹਾਜ਼ਰੀ ਭਰੀ

### ਫੈਡਰੇਸ਼ਨ ਪ੍ਰਧਾਨ ਭਾਈ ਕੰਵਰ ਚੜ੍ਹਤ ਸਿੰਘ ਨੇ ਆਈਆਂ ਸੰਗਤਾਂ ਦੇ ਨਾਲ ਵਿਚਾਰਾਂ ਦੀ ਸਾਂਝ ਪਾਈ







ਆਵਾਜ਼ਿ ਕੌਮ AWAZE QAUM International Newspaper & WEB TV






**ਮਾਨੋਚਾਹਲ, 28 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕੌਮ ਦੇ ਮਹਾਨ ਸ਼ਹੀਦ ਬਾਬਾ ਗੁਰਬਚਨ ਸਿੰਘ ਜੀ ਮਾਨੋਚਾਹਲ ਦੇ 31ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਸਮਾਗਮ ਵਿਚ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਨੌਜਵਾਨਾਂ ਨੇ ਹਾਜ਼ਰੀ ਭਰੀ, ਫੈਡਰੇਸ਼ਨ ਪ੍ਰਧਾਨ ਭਾਈ ਕੰਵਰ ਚੜ੍ਹਤ ਸਿੰਘ ਨੇ ਆਈਆਂ ਸੰਗਤਾਂ ਦੇ ਨਾਲ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਸਾਡੇ ਆਦਰਸ਼ ਬਾਬਾ ਮਾਨੋਚਾਹਲ ਵਰਗੇ ਕਰਮੀ ਯੋਧੇ ਹੋਣੇ ਚਾਹੀਦੇ ਨੇ

ਆਵਾਜ਼ਿ ਕੌਮ AWAZE QAUM International Newspaper & WEB TV



ਜਿਨ੍ਹਾਂ ਆਪਣੇ ਬਚਨਾਂ ਤੇ ਪਹਿਰਾ ਦਿੰਦਿਆਂ ਕੌਮ ਦੀ ਚੜ੍ਹਦੀਕਲਾ ਲਈ ਕਾਰਜ ਕਿਤੇ, ਉਨ੍ਹਾਂ ਕਿਹਾ ਕਿ ਬਾਬਾ ਮਾਨੋਚਾਹਲ ਸਿੱਖਾਂ ਦੇ ਵਿਚ ਰਾਜ ਦੀ ਭਾਵਨਾ ਨੂੰ ਉਜਾਗਰ ਕਰਕੇ ਪੰਜਾਬ ਵਿਚ ਸਿੱਖਾਂ ਨੂੰ ਰਾਜਨੀਤਿਕ ਪੱਖ ਤੋਂ ਮਜ਼ਬੂਤ ਕਰਨਾ ਚਾਹੁੰਦੇ ਸਨ, ਉਹ ਸੰਤ ਸਿਪਾਹੀ ਅਤੇ ਮੀਰੀ ਪੀਰੀ ਦੇ ਸਿਧਾਂਤ ਨੂੰ ਸਮਝਦੇ ਸਨ, ਜੇ ਉਸ ਸਮੇ ਜੱਥੇਬੰਦੀਆਂ ਨੇ ਬਾਬਾ ਮਾਨੋਚਾਹਲ ਅਤੇ ਫੈਡਰੇਸ਼ਨ ਦਾ ਵਿਰੋਧ ਕਰਕੇ ਭਰਾ ਮਾਰੂ ਜੰਗ ਲਗਾ ਕੇ ਬਾਈਕਾਟ ਨਾ ਕਰਵਾਇਆ ਹੁੰਦਾ ਤਾਂ ਅੱਜ ਪੰਜਾਬ ਦੀ ਸੂਰਤ ਕੁੱਝ ਵੱਖਰੀ ਹੀ ਹੁੰਦੀ, ਅੱਜ ਵੀ ਆਪਣੇ ਅਸਲੀ ਹੀਰੋਆਂ ਨੂੰ ਪਹਿਚਾਣ ਕੇ ਉਨ੍ਹਾਂ ਦੇ ਦਿੱਤੇ ਪੈਗ਼ਾਮ ਨੂੰ ਸਮਝਣ ਦੀ ਲੋੜ ਹੈ ਤਾਂ ਜੋ ਪੰਥ ਵਿਚ ਆਪਣੇ ਮਨੋਰਥਾ ਅਤੇ ਰਸਤੇ ਨੂੰ ਲੈ ਕੇ ਸਪਸ਼ਤਾ ਪੈਦਾ ਹੋ ਸਕੇ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਗਾਮੀ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ

# ਇਲੈਕਸ਼ਨ ਐਕਸਪੈਂਡੀਚਰ ਮੋਨੀਟਰਿੰਗ ਕਮੇਟੀ ਨੂੰ ਸਿਖਲਾਈ ਦਿੱਤੀ




**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 28 ਫਰਵਰੀ ( ਕੁਲਜੀਤ ਸਿੰਘ ਖੋਖਰ)**- ਅਗਾਮੀ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਅਧਿਕਾਰੀ ਹੁਣੇ ਤੋਂ ਯੋਜਨਾਬੱਧ ਢੰਗ ਨਾਲ ਅਗੇਤਰੇ ਕੰਮਾਂ ਨੂੰ ਨਿਪਟਾਉਣਾ ਯਕੀਨੀ ਬਣਾਉਣ।ਇੰਨ੍ਹਾ ਵਿਚਾਰਾਂ ਦਾ ਪ੍ਰਗਟਾਵਾ ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਸ੍ਰੀ ਸੁਭਾਸ਼ ਚੰਦਰ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਕਾਨਫਰੰਸ ਹਾਲ ਵਿਖੇ ਅਗਾਮੀ ਲੋਕ ਸਭਾ ਚੋਣਾਂ ਲਈ ਖਰਚਾ ਕਮੇਟੀ ਦੇ ਸਿਖਲਾਈ ਸੈਸ਼ਨ ਦੌਰਾਨ ਕੀਤਾ। ਉਨ੍ਹਾਂ ਅਧਿਕਾਰੀਆਂ ਨੂੰ ਚੋਣ ਪ੍ਰਕਿਰਿਆ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਦਿਸ਼ਾ-ਨਿਰਦੇਸ਼ ਜਾਰੀ ਕਰਦਿਆਂ ਕਿਹਾ ਕਿ ਅਧਿਕਾਰੀ ਚੋਣ ਪ੍ਰਕਿਰਿਆ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਮਿਹਨਤ, ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਨ। ਉਨ੍ਹਾਂ ਕਿਹਾ ਕਿ ਹਰ ਕਮੇਟੀ ਚੋਣਾਂ ਦੌਰਾਨ ਆਪਣੇ ਰੋਲ ਅਤੇ ਜਿੰਮੇਵਾਰੀਆਂ ਨੂੰ ਚੰਗੀ ਤਰ੍ਹਾਂ ਸਮਝ ਲਵੇ ਤਾਂ ਜੋ ਸੁਚਾਰੂ ਢੰਗ ਨਾਲ ਚੋਣ ਅਮਲ ਨੂੰ ਨੇਪਰੇ ਚਾੜਿਆ ਜਾ ਸਕੇ। ਵਧੀਕ ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਸੁਭਾਸ਼ ਚੰਦਰ ਨੇ ਦੱਸਿਆ ਕਿ ਅਗਾਮੀ ਲੋਕ ਸਭਾ ਚੋਣਾਂ ਨੂੰ ਸੁਚੱਜੇ ਅਤੇ ਸੁਖਾਵੇਂ ਮਾਹੌਲ ਵਿਚ ਨੇਪਰੇ ਚੜ੍ਹਾਉਣ ਲਈ ਵੱਖ ਵੱਖ ਵਿਭਾਗਾਂ ਨਾਲ ਸਬੰਧਤ ਲਗਾਏ ਗਏ ਨੋਡਲ ਅਧਿਕਾਰੀਆਂ ਨੂੰ ਈ.ਵੀ.ਐਮ. ਮੈਨੇਜ਼ਮੈਂਟ, ਟਰਾਂਸਪੋਰਟ ਮੈਨੇਜ਼ਮੈਂਟ, ਮਟੀਰੀਅਲ ਮੈਨੇਜ਼ਮੈਂਟ, ਆਦਰਸ਼ ਚੋਣ ਜ਼ਾਬਤਾ, ਸ਼ਿਕਾਇਤ ਸੈੱਲ, ਖਰਚਾ ਸੈੱਲ, ਕਾਨੂੰਨ ਅਤੇ ਵਿਵਸਥਾ, ਬੈਲਟ ਪੇਪਰ, ਮੀਡੀਆ ਸਰਟੀਫਿਕੇਸ਼ਨ ਅਤੇ ਮੋਨੀਟਰਿੰਗ ਕਮੇਟੀ, ਸਵੀਪ ਆਦਿ ਗਤੀਵਿਧੀਆਂ ਬਾਰੇ ਵਿਸਥਾਰ ਸਹਿਤ ਜਾਣੂ ਕਰਵਾਉਣ ਲਈ ਵਿਸ਼ੇਸ਼ ਸਿਖਲਾਈ ਸੈਸ਼ਨ ਕਰਵਾਏ ਜਾ ਰਹੇ ਹਨ।

**ਅਗਾਮੀ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਅਧਿਕਾਰੀ ਹੁਣੇ ਤੋਂ ਯੋਜਨਾਬੱਧ ਢੰਗ ਨਾਲ ਅਗੇਤਰੇ ਕੰਮਾਂ ਨੂੰ ਨਿਪਟਾਉਣਾ ਯਕੀਨੀ ਬਣਾਉਣ - ਸੁਭਾਸ਼ ਚੰਦਰ**

ਅੱਜ ਦੇ ਸਿਖਲਾਈ ਸੈਸ਼ਨ ਦੌਰਾਨ ਇਲੈਕਸ਼ਨ ਐਕਸਪੈਂਡੀਚਰ ਮੋਨੀਟਰਿੰਗ ਕਮੇਟੀ ਦੀ ਸਿਖਲਾਈ ਲਗਾਈ ਗਈ, ਜਿਸ ਵਿੱਚ ਇਸ ਨੋਡਲ ਕਮੇਟੀ ਦੇ ਨੋਡਲ ਅਫ਼ਸਰ ਡੀ.ਡੀ.ਪੀ.ਓ. ਸ੍ਰੀ ਸਤੀਸ਼ ਕੁਮਾਰ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਚੋਣਾਂ ਦੌਰਾਨ ਕੀਤੇ ਜਾਣ ਵਾਲੇ ਖਰਚੇ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਚੋਣ ਖਰਚਾ ਦਰਜ ਕਰਨ ਬਾਰੇ ਵੀ ਦੱਸਿਆ। ਇਸ ਮੌਕੇ ਇਲੈਕਸ਼ਨ ਤਹਿਸੀਲਦਾਰ ਸ. ਮਨਜਿੰਦਰ ਸਿੰਘ ਬਾਜਵਾ ਤੋਂ ਇਲਾਵਾ ਹੋਰ ਵਿਭਾਗੀ ਅਧਿਕਾਰੀ ਵੀ ਮੌਜੂਦ ਸਨ।

### ਚੋਹਲਾ ਸਾਹਿਬ ਜੀ ਦੇ ਦਰਸ਼ਨਾਂ ਨੂੰ ਜਾ ਰਹੀਆਂ ਸੰਗਤਾਂ ਨੂੰ


# ਫ੍ਰੀ ਮੈਡੀਕਲ ਸਹਾਇਤਾ ਦਿੱਤੀ ਜਾਵੇਗੀ : ਪਾਠਿਕ




ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 28 ਫ਼ਰਵਰੀ (ਕੁਲਜੀਤ ਸਿੰਘ ਖੋਖਰ)-ਪਾਠਿਕ ਹਸਪਤਾਲ ਟਾਂਡਾ ਅਤੇ ਐਕਸੀਡੈਂਟ ਕੇਅਰ ਜੁਆਇੰਟ ਸੈਂਟਰ ਟਾਂਡਾ ਦੇ ਸੀਨੀਅਰ ਡਾਕਟਰ ਅਮਿਤ ਪਾਠਕ ਜੀ ਨੇ ਪਤਰਕਾਰਾਂ ਦੇ ਰੂਬਰੂ ਹੋ ਕੇ ਕਿਹਾ ਕਿ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਚੋਲ਼ਾ ਸਾਹਿਬ ਜੀ ਦੇ ਦਰਸ਼ਨਾਂ ਨੂੰ ਖਡਿਆਲਾ ਸੈਣੀਆਂ ਤੋਂ ਜਥੇਦਾਰ ਬਾਬਾ ਜੋਗਿੰਦਰ ਸਿੰਘ ਜੀ ਦੀ ਯੋਗ ਅਗਵਾਈ ਹੇਠ ਜੋ ਸੰਗਤਾਂ ਚੋਲ਼ਾ ਸਾਹਿਬ ਜੀ ਦੇ ਦਰਸ਼ਨਾਂ ਲਈ ਪੈਦਲ ਯਾਤਰਾ ਕਰਕੇ ਸ੍ਰੀ ਡੇਰਾ ਬਾਬਾ ਨਾਨਕ ਸਾਹਿਬ ਪਹੁੰਚ ਰਹੀਆਂ ਹਨ ਉਹਨਾਂ ਸੰਗਤਾਂ ਦਾ ਪਾਠਕ ਹਸਪਤਾਲ ਟਾਂਡਾ ਵੱਲੋਂ ਫ਼ਰੀ ਇਲਾਜ ਕੀਤਾ ਜਾਵੇਗਾ ਤੇ ਫ਼ਰੀ ਮੈਡੀਕਲ ਜਾਂਚ ਕੀਤੀ ਜਾਵੇਗੀ ਅਗੇ ਡਾਕਟਰ ਅਮਿਤ ਪਾਠਕ ਜੀ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਜੋ।ਵੀ ਨੌਜਵਾਨ ਸ਼ਾਹ ਸੰਗਤ ਰੂਪ ਵਿਚ ਪੈਦਲ ਯਾਤਰਾ ਤੇ ਜਾ ਰਹੇ ਹਨ ਉਹਨਾਂ ਨੂੰ ਮੇਰੀ ਬੇਨਤੀ ਹੈ ਕਿ ਉਹ ਹੁਲੜਬਾਜੀ ਨਾਂ ਕਰਨ ਤੇ ਸ਼ਾਂਤਮਈ ਢੰਗ ਨਾਲ ਯਾਤਰਾ ਕਰਕੇ ਵਾਪਿਸ ਆਪਣੇ ਘਰਾਂ ਨੂੰ ਆਉਣ ਇਸ ਤੋਂ ਬਾਅਦ ਉਹਨਾਂ ਨੇ ਆਉਣ ਵਾਲੀਆਂ ਸੰਗਤਾਂ ਨੂੰ ਜੀ ਆਇਆਂ ਕਿਹਾ।

### ਚੋਲ਼ਾ ਸਾਹਿਬ ਦੇ ਮੇਲੇ ਨੂੰ ਮੁੱਖ ਰੱਖਦਿਆਂ ਸਰਕਾਰ ਵੱਲੋਂ

# ਪਲਟੂਨ ਪੁਲ ਕੀਤਾ ਤਿਆਰ : ਜਈ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 28 ਫਰਵਰੀ (ਕੁਲਜੀਤ ਸਿੰਘ ਖੋਖਰ)**-ਚੋਲ਼ਾ ਸਾਹਿਬ ਜੀ ਦੇ ਮੇਲੇ ਨੂੰ ਮੁੱਖ ਰੱਖਦਿਆਂ ਸਰਕਾਰ ਵੱਲੋਂ ਨਜ਼ਦੀਕੀ ਪਿੰਡ ਭੇਟ ਪੱਤਣ ਬਿਆਸ ਦਰਿਆ ਉੱਪਰ ਪੀ.ਡਬਲਯੂ.ਡੀ ਮਹਿਕਮੇ ਵੱਲੋਂ ਹਰ ਸਾਲ ਦੀ ਤਰਾਂ ਖਡਿਆਲਾ ਸੈਣੀਆਂ ਤੋਂ ਜਥੇਦਾਰ ਬਾਬਾ ਜੋਗਿੰਦਰ ਸਿੰਘ ਜੀ ਦੀ ਯੋਗ ਅਗਵਾਈ ਹੇਠ ਆਉਣ ਵਾਲੇ ਸੰਗ ਦੇ ਮੇਲੇ ਨੂੰ ਲੈ ਕੇ ਪਲਟੂਨ ਪੁਲ ਬਣਾਇਆ ਜਾਂਦਾ ਹੈ, ਇਸ ਵਾਰ ਵੀ ਬਿਆਸ ਦਰਿਆ ਉੱਪਰ ਸੰਗ ਦੇ ਮੇਲੇ ਤੋਂ ਪਹਿਲਾਂ ਪੈਲਟੂਨ ਪੁਲ ਬਣਾਇਆ ਗਿਆ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਪੀ. ਡਬਲਯੂ.ਡੀ.ਦੇ ਜੇ.ਈ.ਕੰਵਲਜੀਤ ਸਿੰਘ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਮਾਨ ਦੇ ਹੁਕਮਾਂ ਅਤੇ ਹਲਕਾ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਦੀ ਅਗਵਾਈ ਹੇਠ ਸੰਗਤਾਂ ਲਈ ਇਹ ਪੁਲ ਬਣਾਇਆ ਗਿਆ ਹੈ, ਜਿਸਦੀ ਲਾਗਤ ਲਗਭਗ ਸਾਢੇ 6 ਲੱਖ ਰੁਪਏ ਆਈ ਹੈ। ਸੰਗ ਤਕਰੀਬਨ ਮਾਰਚ ਮਹੀਨੇ ਦੇ ਪਹਿਲੇ ਹਫਤੇ ਆਉਣਾ ਹੈ ਪਰ ਵਿਭਾਗ ਵੱਲੋਂ ਇਹ ਪੁਲ ਪਹਿਲਾਂ ਪਹਿਲਾਂ ਹੀ ਬਣਾ ਕੇ ਲੋਕ ਅਰਪਣ ਕਰ ਦਿੱਤਾ ਗਿਆ ਹੈ। ਪੁਲ ਬਣਨ ਤੇ ਸੰਗਤਾਂ ਵੱਲੋਂ ਪੰਜਾਬ ਸਰਕਾਰ ਅਤੇ ਹਲਕੇ ਦੇ ਵਿਧਾਇਕ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

# ਬਾਬਾ ਸਾਧੂ ਸਿੰਘ ਲੰਗੇਆਣਾ ਵਾਲਿਆ ਦੇ ਮਾਤਾ ਜੀ ਅਕਾਲ ਚਲਾਣਾ ਕਰ ਗਏ



ਅੱਜ ਬਾਬਾ ਸਾਧੂ ਸਿੰਘ ਲੰਗੇਆਣਾ ਵਾਲਿਆ ਦੇ ਮਾਤਾ ਜੀ ਅਕਾਲ ਚਲਾਣਾ ਕਰ ਗਏ।ਸਮੂਹ ਪੰਥਕ ਸ਼ਖਸੀਅਤਾਂ ਅਤੇ ਸਿੱਖ ਬੁੱਧੀਜੀਵੀਆਂ ਵੱਲੋਂ ਬਾਬਾ ਸਾਧੂ ਸਿੰਘ ਲੰਗੇਆਣਾ ਵਾਲਿਆਂ ਨਾਲ ਇਸ ਮੌਕੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

**ਅਦਾਰਾ ਆਵਾਜ਼ਿ ਕੌਮ ਵੱਲੋਂ ਭਾਈ ਰਘਵੀਰ ਸਿੰਘ ਵਾਲਸਾਲ ਨੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਅਰਦਾਸ ਕੀਤੀ ਕਿ ਮਾਤਾ ਜੀ ਨੂੰ ਵਾਹਿਗੁਰੂ ਆਪਣੇ ਚਰਨਾਂ 'ਚ ਨਿਵਾਸ ਬਖਸ਼ਣ।**

# ਪੀਜੀਆਈ ਹਸਪਤਾਲ ਘਾਬਦਾਂ ਦੇ ਚਾਲੂ ਹੋਣ ਨਾਲ ਸੰਗਰੂਰ ਵਾਸੀਆਂ ਨੂੰ ਕਾਫੀ ਰਾਹਤ ਮਿਲੇਗੀ: ਜਿੰਦਲ,ਮਿੱਤਲ,ਜੱਗਾ



ਧੂਰੀ ( ਰਣਜੀਤ ਸਿੰਘ ਪੇਧਨੀ ) ਪਿਛਲੇ ਦਿਨੀ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਪੀਜੀਆਈ ਹਸਪਤਾਲ ਘਾਬਦਾਂ ਦਾ ਉਦਘਾਟਨ ਕਰਕੇ ਸੰਗਰੂਰ ਲੋਕ ਸਭਾ ਹਲਕੇ ਦੇ ਵਾਸੀਆਂ ਨੂੰ ਸਮਰਪਿਤ ਕੀਤਾ ਕੀਤਾ ਗਿਆ ਹੈ । ਜਿਸ ਦੇ ਨਾਲ ਆਮ ਲੋਕਾਂ ਨੂੰ ਬਹੁਤ ਵੱਡੀ ਰਾਹਤ ਮਿਲੇਗੀ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਭੁਪੇਸ ਜਿੰਦਲ, ਕ੍ਰਿਸ਼ਨ ਗੋਪਾਲ ਨੀਲੂ ਮਿੱਤਲ, ਜਗਦੇਵ ਜਿੰਦਲ ਜੱਗਾ ਨੇ ਕੀਤਾ। ਉਹਨਾਂ ਕਿਹਾ ਕਿ ਪੀਜੀਆਈ ਹਸਪਤਾਲ ਘਾਬਦਾਂ ਦੇ ਚਾਲੂ ਹੋਣ ਦੇ ਨਾਲ ਸੰਗਰੂਰ ਲੋਕ ਸਭਾ ਹਲਕੇ ਨੂੰ ਵੱਡੀ ਰਾਹਤ ਮਿਲੇਗੀ ਪਹਿਲਾ ਪਿਛਲੇ ਸਮਿਆਂ 'ਚ ਸੰਗਰੂਰ ,ਬਰਨਾਲਾ ,ਮਲੇਰਕੋਟਲਾ, ਬਠਿੰਡਾ ,ਮਾਨਸਾ ਦੇ ਲੋਕ ਕੈਂਸਰ ਤੋਂ ਪੀੜਤ ਸਨ। ਉਹ ਬੀਕਾਨੇਰ ਆਪਣਾ ਇਲਾਜ ਕਰਵਾਉਣ ਦੇ ਲਈ ਜਾਂਦੇ ਸਨ। ਇਸ ਟਰੇਨ ਨੂੰ ਕੈਂਸਰ ਟਰੇਨ ਨਾਲ ਸੰਬੋਧਨ ਕਰਨ ਲੱਗ ਗਏ ਸਨ। ਪਰ ਜਦੋਂ ਤੋਂ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਨੇ ਦੇਸ਼ ਦੀ ਵਾਂਗ ਡੋਰ ਸੰਭਾਲੀ ਹੈ ਉਸ ਦਿਨ ਤੋਂ ਦੇਸ਼ ਦਿਨੋ ਦਿਨ ਤਰੱਕੀ ਕਰ ਰਿਹਾ ਪਹਿਲਾਂ ਕੈਂਸਰ ਬਠਿੰਡਾ ਵਿਖੇ ਖੁੱਲਿਆ ਹੋਇਆ ਹੈ ਅਤੇ ਦੂਸਰਾ ਪੀਜੀਆਈ ਹਸਪਤਾਲ ਘਾਬਦਾਂ ਦਾ ਉਦਘਾਟਨ ਕਰਕੇ ਦੇਸ਼ ਦੇ ਪ੍ਰਧਾਨ ਮੰਤਰੀ ਨੇ ਪੰਜਾਬ ਹਤੈਸੀ ਹੋਣ ਦਾ ਸਬੂਤ ਦਿੱਤਾ ਹੈ।

## ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਬੁਰਜ ਕੁਲਾਰਾ ਵਿਖੇ

# ਸਰਬੱਤ ਦੇ ਭਲੇ ਲਈ ਸੁਖਮਨੀ ਸਾਹਿਬ ਦੇ ਪਾਠ ਕਰਵਾਏ

### ਵੱਖ-ਵੱਖ ਜਗਾ ਤੋਂ ਟੀਚਰ ਸਾਹਿਬਾਨਾਂ, ਐੱਨ ਆਰ ਆਈ ਵੀਰਾਂ, ਸਮੇਤ ਨਗਰ ਦੀਆਂ ਗੁਰਸੰਗਤਾਂ ਨੇ ਭਰੀ ਹਾਜ਼ਰੀ












ਹਠੂਰ/ਜਗਰਾਉਂ -(ਵਰਿਆਮ ਹਠੂਰ) ਜਿਲ੍ਹਾ ਲੁਧਿਆਣਾ ਦੇ ਆਖ਼ਰੀ ਪਿੰਡ ਬੁਰਜ ਕੁਲਾਰਾ ਦੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਵਿਖੇ ਹੈੱਡ ਟੀਚਰ ਗੁਰਸੇਵ ਸਿੰਘ ਅਤੇ ਸਮੂਹ ਸਕੂਲ ਸਟਾਫ਼ ਵੱਲੋਂ ਗੁਰਸੰਗਤਾਂ ਦੇ ਸਹਿਯੋਗ ਸਦਕਾ ਸਕੂਲ ਵਿੱਚ ਸਰਬੱਤ ਦੇ ਭਲੇ ਲਈ ਅਤੇ ਬੱਚਿਆਂ ਨੂੰ ਚੰਗੀ ਵਿੱਦਿਆ ਅਤੇ ਬੱਚਿਆਂ ਦੀ ਸਰੀਰਕ ਤੰਦਰੁਸਤੀ ਵਾਸਤੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲਿਆ ਤੇ ਸਕੂਲ ਵਿੱਚ ਬੀਬੀਆਂ ਭੈਣਾਂ ਅਤੇ ਬੱਚਿਆਂ ਨੇ ਸ਼੍ਰੀ ਸੁਖਮਨੀ ਸਾਹਿਬ ਦੇ ਸਤਿਕਾਰ ਸਹਿਤ ਜਾਪ ਕੀਤੇ ਤੇ ਸ਼੍ਰੀ ਸੁਖਮਨੀ ਸਾਹਿਬ ਦੇ ਪਾਠਾਂ ਦੇ ਭੋਗ ਪਾਏ ਗਏ। ਇਸ ਮੌਕੇ ਵੱਖ ਵੱਖ ਜਗ੍ਹਾ ਤੋਂ ਟੀਚਰ ਸਾਹਿਬਾਨਾਂ, ਐੱਨ ਆਰ ਆਈ ਵੀਰਾਂ, ਸਮੇਤ ਨਗਰ ਦੀਆਂ ਅਨੇਕਾਂ ਗੁਰਸੰਗਤਾਂ ਨੇ ਆਪਣੀ ਹਾਜ਼ਰੀ ਭਰੀ ਤੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ ਅਤੇ ਗਿਆਨੀ ਗੁਰਨਾਇਬ ਸਿੰਘ ਵੱਲੋਂ ਵਿੱਦਿਆ ਨਾਲ ਸਬੰਧਿਤ ਕਵੀਸ਼ਰੀ ਦੀ ਪੇਸ਼ਕਾਰੀ ਵੀ ਕੀਤੀ ਗਈ, ਇਸ ਮੌਕੇ ਗਿਆਨੀ ਬੀਰ ਸਿੰਘ ਜੀ ਕੈਨੇਡੀਅਨ, ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸ: ਇਤਵਾਰ ਸਿੰਘ ਜੀ ਨੱਥੋਵਾਲ, ਸੁਖਦੇਵ ਸਿੰਘ ਜੱਟਪਰੀ, ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ, ਨੇ ਹੈੱਡ ਟੀਚਰ ਗੁਰਸੇਵ ਸਿੰਘ ਅਤੇ ਸਮੂਹ ਸਕੂਲ ਸਟਾਫ਼ ਨੂੰ ਸ਼ਲਾਘਾਯੋਗ ਉਪਰਾਲੇ ਲਈ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਸਕੂਲ ਵਿੱਚ ਸਰਬੱਤ ਦੇ ਭਲੇ ਲਈ ਸਤਿਗੁਰਾਂ ਦੀ ਇਲਾਹੀ ਬਾਣੀ ਦੇ ਜਾਪ ਹੋਏ ਹਨ।ਅਜਿਹੇ ਸ਼ਲਾਘਾਯੋਗ ਕਦਮ ਪੁੱਟਣਾ ਬੱਚਿਆਂ ਨੂੰ ਚੰਗੀ ਵਿੱਦਿਆ ਦੇ ਨਾਲ ਨਾਲ ਨਾਲ ਗੁਰਬਾਣੀ ਨਾਲ ਜੋੜਨ ਦੇ ਜਤਨ ਹਨ। ਇਸ ਲਈ ਸਮੂਹ ਸਕੂਲ ਸਟਾਫ਼ ਵਧਾਈ ਦਾ ਪਾਤਰ ਹੈ। ਅਜਿਹੇ ਸ਼ਲਾਘਾਯੋਗ ਉਪਰਾਲੇ ਸਮੇਂ ਸਮੇਂ ਨਾਲ ਹੁੰਦੇ ਰਹਿਣੇ ਚਾਹੀਦੇ ਹਨ। ਤੇ ਸਾਨੂੰ ਸਕੂਲ ਦੀ ਤਰੱਕੀ ਲਈ ਰਲ ਮਿਲ ਕੇ ਸਹਿਯੋਗ ਵੀ ਦਿੰਦੇ ਰਹਿਣਾ ਚਾਹੀਦਾ ਹੈ। ਇਸ ਮੌਕੇ ਗੱਲਬਾਤ ਕਰਦਿਆਂ ਸਮਾਜ ਸੇਵੀ ਅਤੇ ਸਾਬਕਾ ਸਰਪੰਚ ਚਮਕੌਰ ਸਿੰਘ ਕੈਨੇਡਾ ਨੇ ਕਿਹਾ ਕਿ ਸਕੂਲ ਵਿੱਚ ਬੱਚਿਆਂ ਨੂੰ ਵਿੱਦਿਆ ਦੇ ਨਾਲ ਨਾਲ ਸਮੇਂ ਸਮੇਂ ਤੇ ਅਜਿਹਾ ਧਾਰਮਿਕ ਮਹੌਲ ਮਿਲਦਾ ਰਹੇ ਤਾਂ ਬੱਚੇ ਭਵਿੱਖ ਵਿੱਚ ਚੰਗੀ ਵਿੱਦਿਆ ਦੇ ਨਾਲ ਨਾਲ ਸਹੀ ਰਾਹਾਂ ਤੇ ਚੱਲਦੇ ਹੋਏ ਤਰੱਕੀਆਂ ਕਰਨਗੇ ਉਨ੍ਹਾਂ ਸਕੂਲ ਲਈ 12000 ਰੁਪਏ ਦਾ ਸਹਿਯੋਗ ਦਿੰਦੇ ਹੋਏ ਸਕੂਲ ਸਟਾਫ਼ ਨੂੰ ਸ਼ਲਾਘਾਯੋਗ ਉਪਰਾਲੇ ਲਈ ਵਧਾਈ ਦਿੱਤੀ, ਇਸ ਤੋਂ ਇਲਾਵਾ ਦੂਸਰੇ ਸਕੂਲ ਤੋਂ ਆਏ ਹੈੱਡ ਟੀਚਰ ਸੁਖਵਿੰਦਰ ਸਿੰਘ ਨੇ ਵੀ ਸਕੂਲ ਲਈ 2100 ਰੁਪਏ ਦਾ ਸਹਿਯੋਗ ਦਿੱਤਾ, ਹਰਪ੍ਰੀਤ ਸਿੰਘ ਅਤੇ ਬੱਚੇ ਗੁਰਸਾਹਿਬ ਸਿੰਘ ਵੱਲੋਂ ਵੀ ਸਕੂਲ ਵਿੱਚ ਲੋੜੀਂਦਾ ਸਹਿਯੋਗ ਦਿੱਤਾ ਗਿਆ, ਇਸ ਮੌਕੇ ਪ੍ਰਬੰਧਕਾਂ ਵੱਲੋਂ ਜਿੱਥੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਰਾਏਕੋਟ ਇਤਵਾਰ ਸਿੰਘ ਸਮੇਤ ਬਾਹਰੋਂ ਆਏ ਟੀਚਰਾਂ, ਸਕੂਲ ਸਟਾਫ਼ ਅਤੇ ਸੇਵਾਦਾਰਾਂ, ਅਤੇ ਸਕੂਲ ਨੂੰ ਸਹਿਯੋਗ ਦੇਣ ਵਾਲੇ ਸਹਿਯੋਗੀਆਂ ਦਾ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ, ਉੱਥੇ ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਬੁਰਜ ਕੁਲਾਰਾ ਦੇ ਹੈੱਡ ਟੀਚਰ ਗੁਰਸੇਵ ਸਿੰਘ ਨੂੰ ਵੀ ਵਧੀਆ ਢੰਗ ਨਾਲ ਸਕੂਲ ਚਲਾਉਣ ਲਈ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ, ਅੰਤ ਵਿੱਚ ਹੈੱਡ ਟੀਚਰ ਗੁਰਸੇਵ ਸਿੰਘ ਨੇ ਸਕੂਲ ਵਿੱਚ ਪਹੁੰਚਣ ਲਈ ਸਮੂਹ ਟੀਚਰਾਂ, ਸਿੱਖਿਆ ਅਫ਼ਸਰ, ਨਗਰ ਪੰਚਾਇਤ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਨਗਰ ਦੀਆਂ ਗੁਰਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਰਾਏਕੋਟ ਇਤਵਾਰ ਸਿੰਘ ਜੀ ਨੱਥੋਵਾਲ, ਸੀ. ਐੱਚ. ਟੀ.ਆਰ ਪੀ ਸਿੰਘ, ਸੁਖਦੇਵ ਸਿੰਘ ਜੱਟਪਰੀ, ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਹਠੂਰ ਦੇ ਹੈੱਡ ਟੀਚਰ ਦੇਵ ਕ੍ਰਿਸ਼ਨ ਜੀ ਹਠੂਰ, ਮਾਸਟਰ ਸਤਨਾਮ ਸਿੰਘ ਹਠੂਰ, ਹਰਜਿੰਦਰ ਸਿੰਘ, ਨਿਰਮਲ ਸਿੰਘ, ਜਗਤਾਰ ਸਿੰਘ, ਗੁਰਮੀਤ ਸਿੰਘ, ਲਛਮਣ ਸਿੰਘ, ਗੁਰਪ੍ਰੀਤ ਸਿੰਘ, ਅਵਤਾਰ ਸਿੰਘ ਸਿੱਧੂ, ਸਮਾਜ ਸੇਵੀ ਅਤੇ ਸਾਬਕਾ ਸਰਪੰਚ ਚਮਕੌਰ ਸਿੰਘ ਕੈਨੇਡਾ, ਗਿਆਨੀ ਬੀਰ ਸਿੰਘ ਜੀ ਕੈਨੇਡੀਅਨ, ਗਿਆਨੀ ਗੁਰਨਾਇਬ ਸਿੰਘ ਜੀ ਖਾਲਸਾ, ਗਿਆਨੀ ਹਰਨੇਕ ਸਿੰਘ ਜੀ ਖਾਲਸਾ, ਨਿਰਵੈਰ ਖਾਲਸਾ ਗੱਤਕਾ ਅਖਾੜਾ ਬੁਰਜ ਕੁਲਾਰਾ ਦੇ ਮੁਖੀ ਭਾਈ ਜਗਪ੍ਰੀਤ ਸਿੰਘ ਜੀ ਖਾਲਸਾ ਬੁਰਜ ਕੁਲਾਰਾ, ਤੀਰਥ ਸਿੰਘ, ਜਸਵਿੰਦਰ ਸਿੰਘ, ਹੈੱਡ ਟੀਚਰ ਗੁਰਸੇਵ ਸਿੰਘ, ਜਸਵੀਰ ਕੌਰ, ਦਲਵਿੰਦਰ ਕੌਰ, ਭਿੰਦਰ ਕੌਰ, ਕਿਰਨਵੀਰ ਕੌਰ, ਪ੍ਰਧਾਨ ਵਾਹਿਗੁਰੂ ਪਾਲ ਸਿੰਘ ਬੁਰਜ ਕੁਲਾਰਾ, ਸੁਖਵਿੰਦਰ ਸਿੰਘ ਐੱਚ.ਟੀ, ਸਮੇਤ ਸਕੂਲ ਦੇ ਬੱਚੇ ਅਤੇ ਨਗਰ ਦੀਆਂ ਗੁਰਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਤੇ ਭਾਈ ਅੰਮ੍ਰਿਤਪਾਲ ਸਿੰਘ ਤੇ

# ਸਿੱਖ ਨੌਜਵਾਨਾਂ ਨੂੰ ਰਿਹਾਅ ਕਰੇ ਸਰਕਾਰ : ਬਾਬਾ ਸੁੱਖਾ ਸਿੰਘ

ਜੰਡਿਆਲਾ ਗੁਰੂ 27 ਫਰਵਰੀ ( ਕੁਲਵੰਤ ਸਿੰਘ ਵਿਰਦੀ) 1947 ਤੋਂ ਬਾਅਦ ਸਿੱਖ ਕੌਮ ਉਪਰ ਹੋ ਰਹੇ ਜ਼ੁਲਮ ਦੀ ਦਾਸਤਾਨ ਬਿਆਨ ਨਹੀਂ ਕੀਤੀ ਜਾ ਸਕਦੀ ਕਿਉਂਕਿ 1984 ਵੇਲੇ ਹੱਡਬੀਤੀ ਦਾਸਤਾਨ ਮੌਕੇ ਹੰਢਾਏ ਗਏ ਜ਼ੁਲਮ ਨੂੰ ਸਹਿਣ ਕਰਦਿਆਂ ਕਰਦਿਆਂ ਅਨੇਕਾਂ ਸਿੱਖ ਕੌਮ ਦੀਆਂ ਮਾਵਾਂ ਭੈਣਾਂ ਸਿੱਖ ਨੌਜਵਾਨ ਇਸ ਸੰਸਾਰ ਨੂੰ ਸਦਾ ਲਈ ਛੱਡ ਕਿ ਪ੍ਰਮਾਤਮਾ ਦੀ ਦਰਗਾਹ ਵਿੱਚ ਜਾ ਬਿਰਾਜੇ ਹਨ ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਹੋਇਆਂ ਤੱਪ ਅਸਥਾਨ ਗੁਰਦੁਆਰਾ ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਤੇ ਜੋਤੀਸਰ ਸ਼ਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਅੱਗੇ ਕਿਹਾ ਕਿ ਪੰਜਾਬ ਵਿੱਚ ਮੌਜੂਦਾ ਸਰਕਾਰ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਤੇ ਹੋਰ ਸਿੱਖ ਨੌਜਵਾਨਾਂ ਨੂੰ ਫ਼ੜ ਕੇ ਉਨ੍ਹਾਂ ਉਪਰ ਕੇਸ ਪਾ ਕਿ ਐਨ ਐਸ ਏ ਲਗਾ ਕੇ ਡਿਬਰੂਗੜ੍ਹ ਜੇਲ੍ਹ ਅੰਦਰ ਕੈਦ ਕੀਤਾ ਗਿਆ ਹੈ ਅਤੇ ਉਨਾਂ ਦੀ ਨਿੱਜੀ ਜ਼ਿੰਦਗੀ ਦੀ ਜਾਸੂਸੀ ਕੀਤੀ ਜਾ ਰਹੀ ਸੀ ਜੋ ਅਤਿਨਿੰਦਣਯੋਗ ਹੈ ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਕੀ ਭਾਈ ਅੰਮ੍ਰਿਤਪਾਲ ਸਿੰਘ ਜੀ ਨੂੰ ਕਾਨੂੰਨੀ ਸਹਾਇਤਾ ਤੋਂ ਕਿਉਂ ਦੂਰ ਰੱਖਿਆ ਜਾ ਰਿਹਾ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਮਾਨਸਿਕ ਤੌਰ ਤੇ ਪ੍ਰੇਸ਼ਾਨ ਕਰਨ ਦੀਆਂ ਨਿੱਤ ਖਬਰਾਂ ਆ ਰਹੀਆਂ ਹਨ ਇਸ ਲਈ ਸਰਕਾਰ ਨੂੰ ਸਿੱਖਾਂ ਦੇ ਦਰਦਾਂ ਨੂੰ ਸਮਝਦਿਆਂ ਹੋਇਆਂ ਭਾਈ ਅੰਮ੍ਰਿਤਪਾਲ ਸਿੰਘ ਜੀ ਤੇ ਉਨ੍ਹਾਂ ਦੇ ਸਾਥੀਆਂ ਤੇ ਲੰਮੇਂ ਸਮੇਂ ਤੋਂ ਜੇਲ੍ਹਾਂ ਅੰਦਰ ਬੰਦ ਬੰਦੀ ਸਿੰਘ ਜੋ ਆਪਣੀਆਂ ਸਜ਼ਾਵਾਂ ਵੀ ਪੂਰੀਆਂ ਕਰ ਚੁੱਕੇ ਹਨ ਉਨ੍ਹਾਂ ਬੰਦੀ ਸਿੰਘਾਂ ਨੂੰ ਰਿਹਾਅ ਕੀਤਾ ਜਾਣਾ ਚਾਹੀਦਾ ਹੈ ਜੇਕਰ ਭਾਈ ਅੰਮ੍ਰਿਤਪਾਲ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਨੂੰ ਜੇਕਰ ਅਜ਼ੇ ਰਿਹਾਅ ਨਹੀਂ ਕੀਤਾ ਜਾ ਸਕਦਾ ਤਾਂ ਉਨ੍ਹਾਂ ਨੂੰ ਪੰਜਾਬ ਦੀ ਜੇਲ੍ਹ ਵਿੱਚ ਤਾਂ ਲਿਆਂਦਾ ਜਾ ਸਕਦਾ ਹੈ।



### ਪੰਜਾਬ ਦੇ ਰਾਜਪਾਲ ਨੇ ਸੰਸਦ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨੂੰ

# ਡਾਕਟਰੇਟ ਦੀ ਆਨਰੇਰੀ ਡਿਗਰੀ ਕੀਤੀ ਪ੍ਰਦਾਨ

ਨਵੀਂ ਦਿੱਲੀ 28 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਤੋਂ ਰਾਜ ਸਭਾ ਮੈਂਬਰ ਪਦਮਸ੍ਰੀ ਵਿਕਰਮਜੀਤ ਸਿੰਘ ਸਾਹਨੀ ਨੂੰ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੀ 40ਵੀਂ ਕਨਵੋਕੇਸ਼ਨ ਦੌਰਾਨ ਪੰਜਾਬ ਦੇ ਮਾਨਯੋਗ ਰਾਜਪਾਲ ਸ਼੍ਰੀ ਬਨਵਾਰੀ ਲਾਲ ਪੁਰੋਹਿਤ ਨੇ ਡਾਕਟਰੇਟ ਦੀ ਡਿਗਰੀ ਪ੍ਰਦਾਨ ਕੀਤੀ ।ਇਸ ਮੌਕੇ 'ਤੇ ਆਪਣਾ ਧੰਨਵਾਦ ਪ੍ਰਗਟ ਕਰਦਿਆਂ ਸ਼੍ਰੀ ਸਾਹਨੀ ਨੇ ਟਿੱਪਣੀ ਕੀਤੀ, "ਮੇਰੇ ਲਈ ਇਹ ਬਹੁਤ ਹੀ ਭਾਵਨਾਤਮਕ ਪਲ ਹੈ ਕਿ ਮੈਂ ਉਸੇ ਸੰਸਥਾ ਤੋਂ ਇੰਨਾ ਵੱਕਾਰੀ ਸਨਮਾਨ ਪ੍ਰਾਪਤ ਕੀਤਾ ਜਿੱਥੋਂ ਮੈਂ ਸਿੱਖਿਆ ਪ੍ਰਾਪਤ ਕੀਤੀ ਹੈ।÷

ਆਪਣੇ ਸੰਬੋਧਨ ਵਿੱਚ, ਰਾਜਪਾਲ ਨੇ ਸ਼੍ਰੀ ਸਾਹਨੀ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਵਧਾਈ ਦਿੱਤੀ ਜਿਸ ਲਈ ਉਨ੍ਹਾਂ ਨੂੰ ਭਾਰਤ ਦੇ ਰਾਸ਼ਟਰਪਤੀ ਦੁਆਰਾ ਪਦਮ ਸ਼੍ਰੀ ਨਾਲ ਸਨਮਾਨਿਤ ਕੀਤਾ ਜਾ ਚੁੱਕਾ ਹੈ। ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਡਾ: ਅਰਵਿੰਦ ਨੇ ਸ਼੍ਰੀ ਸਾਹਨੀ ਦੇ ਸਮਾਜਿਕ ਉੱਦਮ, ਹੁਨਰ ਵਿਕਾਸ ਅਤੇ ਰੁਜ਼ਗਾਰ, ਨੌਜਵਾਨਾਂ ਅਤੇ ਔਰਤਾਂ ਦੇ ਸਸ਼ਕਤੀਕਰਨ ਦੇ ਨਾਲ-ਨਾਲ ਅਫਗਾਨ ਸ਼ਰਨਾਰਥੀਆਂ ਦੇ ਬਚਾਅ ਅਤੇ ਮੁੜ ਵਸੇਬੇ ਵਿੱਚ ਕੋਰੋਨਾ ਯੋਧੇ ਹੋਣ ਦੇ ਨਾਲ-ਨਾਲ ਉਨ੍ਹਾਂ ਦੇ ਸਮਾਜ ਭਲਾਈ ਲਈ ਯਤਨਾਂ ਸਮੇਤ ਵੱਖ-ਵੱਖ ਖੇਤਰਾਂ ਵਿੱਚ ਪਾਏ ਸ਼ਾਨਦਾਰ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ-ਮਨੁੱਖੀ ਤਸਕਰੀ ਨੂੰ ਇੱਕ ਕਾਰਕੁਨ ਵਜੋਂ ਉਹਨਾ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕੀਤਾ। ਸ੍ਰ.

ਸਾਹਨੀ ਦੇ ਅਣਥੱਕ ਸਮਰਪਣ ਅਤੇ ਬੇਮਿਸਾਲ ਪ੍ਰਾਪਤੀਆਂ ਨੇ ਨਾ ਸਿਰਫ਼ ਪੰਜਾਬ ਦੇ ਸਮਾਜਿਕ ਤਾਣੇ-ਬਾਣੇ ਨੂੰ ਖੁਸ਼ਹਾਲ ਬਣਾਇਆ ਹੈ, ਸਗੋਂ ਦੇਸ਼ ਭਰ ਦੇ ਵਿਅਕਤੀਆਂ ਲਈ ਪ੍ਰੇਰਨਾ ਸਰੋਤ ਵਜੋਂ ਵੀ ਕੰਮ ਕੀਤਾ ਹੈ। ਭਾਈਚਾਰਿਆਂ ਨੂੰ ਉੱਚਾ ਚੁੱਕਣ ਅਤੇ ਸਕਾਰਾਤਮਕ ਤਬਦੀਲੀ ਨੂੰ ਉਤਸ਼ਾਹਿਤ ਕਰਨ ਲਈ ਉਹਨਾਂ ਦੀ ਵਚਨਬੱਧਤਾ ਨਿਰੰਤਰ ਜਾਰੀ ਹੈ।



### 132 ਕੇ ਵੀ ਤੋਂ 220 ਕੇ ਵੀ ਸਮਰਥਾ ਹੋਣ ਨਾਲ ਹੋਵੇਗਾ ਬਿਜਲੀ ਸਪਲਾਈ ਵਿੱਚ ਸੁਧਾਰ

# 40 ਸਾਲ ਬਾਅਦ ਅਪਗ੍ਰੇਡ ਹੋਵੇਗਾ ਜੰਡਿਆਲਾ ਗੁਰੂ ਦਾ ਬਿਜਲੀ ਸਬ ਸਟੇਸ਼ਨ - ਈ.ਟੀ.ਓ.

ਜੰਡਿਆਲਾ ਗੁਰੂ 28 ਫਰਵਰੀ ( ਕੁਲਵੰਤ ਸਿੰਘ ਵਿਰਦੀ)ਜੰਡਿਆਲਾ ਗੁਰੂ ਦਾ ਬਿਜਲੀ ਸਬ ਸਟੇਸ਼ਨ ਜੋ ਕਿ 132 ਕੇ ਵੀ ਸਮਰੱਥਾ ਦਾ ਸੀ ਨੂੰ 40 ਸਾਲ ਬਾਅਦ ਸ: ਭਗਵੰਤ ਸਿੰਘ ਮਾਨ ਦੀ ਸਰਕਾਰ ਵਲੋਂ 220 ਕੇ ਵੀ ਸਬ ਸਟੇਸ਼ਨ ਵਜੋਂ ਅਪਗ੍ਰੇਡ ਕੀਤਾ ਜਾ ਰਿਹਾ ਹੈ।ਜਿਸ ਨਾਲ ਕੇਵਲ ਜੰਡਿਆਲਾ ਹੀ ਨਹੀਂ ਬਲਕਿ ਇਸਦੇ ਨਾਲ ਲਗਦੇ ਵੱਡੇ ਇਲਾਕੇ ਵਿੱਚ ਬਿਜਲੀ ਸਪਲਾਈ ਦਾ ਸੁਧਾਰ ਹੋ ਜਾਵੇਗਾ। ਉਕਤ ਪ੍ਰਗਟਾਵਾ ਕੈਬਨਿਟ ਮੰਤਰੀ ਸ੍ਰ: ਹਰਭਜਨ ਸਿੰਘ ਈ.ਟੀ.ਓ. ਲੋਕ ਨਿਰਮਾਣ ਅਤੇ ਬਿਜਲੀ ਵਿਭਾਗ ਨੇ ਇਸ ਸਬ ਸਟੇਸ਼ਨ ਨੂੰ ਅਪਗ੍ਰੇਡ ਕਰਨ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਪੰਜਾਬ ਸ੍ਰ: ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਿਰੰਤਰ ਬਿਜਲੀ ਸੁਧਾਰਾਂ ਲਈ ਕੰਮ ਕਰ ਰਹੀ ਹੈ ਅਤੇ ਅੱਜ ਦਾ ਇਹ ਪ੍ਰੋਜੈਕਟ ਇਸੇ ਕੋਸ਼ਿਸ਼ ਦਾ ਇਕ ਹਿੱਸਾ ਹੈ। ਉਨਾਂ ਦੱਸਿਆ ਕਿ ਜੰਡਿਆਲਾ ਗੁਰੂ ਵਿਖੇ ਪਹਿਲਾਂ ਲੱਗੇ 132 ਕੇ ਵੀ ਗਰਿਡ ਸਬ ਸ਼ਟੇਸਨ ਨੂੰ ਪੀ ਐਸ ਟੀ ਸੀ ਐਲ ਦੁਆਰਾ 41.79 ਕਰੋੜ ਦੀ ਲਾਗਤ ਨਾਲ ਅਪਗ੍ਰੇਡ ਕਰਨ ਦੀ ਕੰਮ ਸ਼ੁਰੂ ਹੋ ਚੁੱਕਾ ਹੈ। ਉਨਾਂ ਕਿਹਾ ਕਿ ਸਰਕਾਰ ਵਲੋਂ ਦੋ ਸਾਲਾਂ ਵਿੱਚ ਬਿਜਲੀ ਦੇ ਵੱਡੇ ਕੰਮ ਲੋਕਾਂ ਲਈ ਕੀਤੇ ਗਏ ਹਨ। ਜਿਨ੍ਹਾਂ ਵਿੱਚ ਮੁਫ਼ਤ ਬਿਜਲੀ ਸਪਲਾਈ ਅਤੇ ਗੋਇੰਦਵਾਲ ਸਾਹਿਬ ਦੇ ਨਿੱਜੀ ਥਰਮਲ ਪਲਾਂਟ ਨੂੰ ਸਰਕਾਰ ਵਲੋਂ ਖਰੀਦਣਾ ਸ਼ਾਮਿਲ ਹਨ।ਇਸ ਤੋਂ ਇਲਾਵਾ ਬਿਜਲੀ ਵਿਭਾਗ ਜੋ ਕਿ ਪਹਿਲਾਂ 1800 ਕਰੋੜ ਰੁਪਏ ਦੇ ਘਾਟੇ ਵਿੱਚ ਸੀ ਹੁਣ 564 ਕਰੋੜ ਰੁਪਏ ਮੁਨਾਫੇ ਵਿੱਚ ਲਿਆਂਦਾ ਗਿਆ।

ਉਨਾਂ ਕਿਹਾ ਕਿ ਇਸ ਨਾਲ 132 ਕੇ ਵੀ ਗਰਿਡ ਸਬ ਸ਼ਟੇਸ਼ਨ ਜੰਡਿਆਲਾ ਗੁਰੂ, 66 ਕੇ ਵੀ ਗਰਿਡ ਸਬਸਟੇਸ਼ਨ ਮਾਨਾਵਾਲਾਂ ਅਤੇ 66 ਕੇ ਵੀ ਗਰਿਡ ਸਬਸਟੇਸ਼ਨ ਫੋਕਲ ਪੁਆਇੰਟ ਅਧੀਨ ਆ ਰਹੀਆ ਵੱਖ-ਵੱਖ ਰਿਹਾਇਸ਼ੀ ਕਲੋਨੀਆ, ਸਰਕਾਰੀ ਹਸਪਤਾਲ, ਵਿੱਦਿਅਕ ਅਦਾਰੇ ਅਤੇ ਵੱਡੇ-ਵੱਡੇ ਉਦਯੋਗਿਕ/ਵਪਾਰਿਕ ਅਦਾਰਿਆ ਨੂੰ ਬਿਹੱਤਰ ਬਿਜਲੀ ਸਪਲਾਈ/ਕੁਨੈਕਸ਼ਨ ਦੇਣ ਲਈ ਸਿਸਟਮ ਵਿਚ ਸੁਧਾਰ ਹੋ ਜਾਵੇਗਾ।ਇਸ ਨਾਲ ਇਹਨਾ ਸਬ ਸਟੇਸ਼ਨ ਤੋ ਚਲਦੇ 41 ਨੰ: 11 ਕੇ ਵੀ ਫੀਡਰਾ ਉਪਰ ਆਉਂਦੇ ਜੰਡਿਆਲਾ ਗੁਰੂ ਸ਼ਹਿਰ ਅਤੇ 35 ਨੰ: ਪਿੰਡ ਗਹਿਰੀ, ਗਦਲੀ, ਭੰਗਵਾਂ, ਦੇਵੀਦਾਸਪੁਰ, ਧੀਰੇਕੋਟ, ਧਾਰੜ, ਸ਼ੇਖਫੱਤਾ, ਤਾਰਾਗੜ੍ਹ, ਮੱਲੀਆ, ਨਿਊ ਫੋਕਲ ਪੁਆਇੰਟ ਵੱਲਾ, ਖਾਨਕੋਟ, ਮਾਨਾਵਾਲਾ ਖੁਰਦ, ਜਾਣੀਆ, ਗੋਰੇਵਾਲ, ਗੁਨੋਵਾਲ, ਬੁੱਤ, ਅਮਰਕੋਟ, ਵਡਾਲੀ, ਮਾਨਾਵਾਲਾ, ਰੱਖ ਮਾਨਾਵਾਲਾ, ਮੇਹਰਬਾਨਪੁਰਾ, ਨਿੱਜਰਪੁਰਾ, ਨਵਾਕੋਟ, ਬਿਸ਼ੰਬਰਪੁਰਾ, ਰਾਜੇਵਾਲ, ਸੁੱਖੇਵਾਲ, ਠੱਠੀਆ, ਝੀਤੇ ਕਲਾਂ, ਝੀਤੇ ਖੁਰਦ, ਰੱਖ ਝੀਤਾ, ਭਗਤੂਪੁਰਾ, ਰਾਮਪੁਰਾ, ਦਬੁਰਜੀ, ਪੰਡੋਰੀ, ਜਰਨੈਲ ਸਿੰਘ ਵਾਲਾ ਮਹਿਮਾ ਆਦਿ ਨੂੰ ਬਿਜਲੀ ਦੀ ਨਿਰੰਤਰ ਸਪਲਾਈ ਵਿਚ ਹੋਰ ਸੁਧਾਰ ਹੋਵੇਗਾ ਅਤੇ ਬਿਜਲੀ ਨੈਟਵਰਕ ਪਹਿਲਾਂ ਨਾਲੋਂ ਜ਼ਿਆਦਾ ਮਜ਼ਬੂਤ ਹੋਵੇਗਾ।

ਸ: ਹਰਭਜਨ ਸਿੰਘ ਨੇ ਕਿਹਾ ਕਿ ਨਵੇ 220 ਕੇ ਵੀ ਗਰਿਡ ਸਬਸਟੇਸ਼ਨ ਜੰਡਿਆਲਾ ਗੁਰੂ ਦੇ ਬਣਨ ਨਾਲ ਖਪਤਕਾਰਾਂ ਨੂੰ ਨਿਰਵਿਘਨ ਅਤੇ ਵੱਧ ਬਿਜਲੀ ਸਪਲਾਈ ਦਿੱਤੀ ਜਾ ਸਕੇਗੀ। ਇਸ ਕਾਰਜ ਅਧੀਨ ਨਵੇ ਗਰਿਡ ਸਬਸਟੇਸ਼ਨ ਜੰਡਿਆਲਾ ਗੁਰੂ ਵਿਖੇ 02 ਨੰ: ਨਵੇ ਪਾਵਰ ਟਰਾਂਸਫਾਰਮਰ (2100) ਲਗਾਏ ਜਾਣਗੇ ਅਤੇ 04 ਕਿਲੋਮੀਟਰ ਲੰਬੀ ਟਰਾਂਸਮਿਸ਼ਨ ਲਾਈਨ ਦੀ ਉਸਾਰੀ ਕੀਤੀ ਜਾਵੇਗੀ। ਜਿਸ ਨਾਲ ਖਪਤਕਾਰਾਂ ਨੂੰ ਨਵੇ ਬਿਜਲੀ ਕੁਨੈਕਸ਼ਨ ਦੇਣ ਵਿਚ ਕੋਈ ਔਕੜ ਨਹੀ ਆਵੇਗੀ ਅਤੇ ਇਸ ਇਲਾਕੇ ਦਾ ਬਿਜਲੀ ਨੈਟਵਰਕ ਪਹਿਲਾ ਨਾਲੋ ਜਿਆਦਾ ਮਜਬੂਤ ਹੋ ਜਾਵੇਗਾ।

ਇਸ ਮੌਕੇ ਤੇ ਮੈਂਬਰ ਐਸ.ਡੀ.ਐਮ. ਲਾਲ ਵਿਸਵਾਸ਼ ਬੈਂਸ, ਐਸ.ਐਸ. ਬੋਰਡ ਸ੍ਰੀ ਨਰੇਸ਼ ਪਾਠਕ, ਚੇਅਰਮੈਨ ਸ: ਛਨਾਖ ਸਿੰਘ, ਇੰਜੀ: ਵਰਦੀਪ ਸਿੰਘ ਮੰਡੇਰ ਡਾਇਰੈਕਟਰ/ਤਕਨੀਕੀ, ਇੰਜੀ: ਸੰਜੀਵ ਸੂਦ, ਚੇਅਰਮੈਨ ਡਾ. ਗੁਰਵਿੰਦਰ ਸਿੰਘ, ਜਿਲ੍ਹਾ ਦਿਹਾਤੀ ਦੇ ਪ੍ਰਧਾਨ ਸ: ਬਲਜਿੰਦਰ ਸਿੰਘ, ਮੈਡਮ ਸੁਹਿੰਦਰ ਕੌਰ, ਮਾਤਾ ਸੁਰਿੰਦਰ ਕੌਰ, ਭਰਾ ਸਤਿੰਦਰ ਸਿੰਘ, ਸੁਨੈਨਾ ਰੰਧਾਵਾ, ਚੀਫ ਸਤਿੰਦਰ ਸ਼ਰਮਾ, ਐਕਸੀਐਨ ਸ: ਇੰਦਰਜੀਤ ਸਿੰਘ, ਪ੍ਰਿੰਸੀਪਲ ਜਤਿੰਦਰ ਕੌਰ ਮੌਜੂਦ ਸਨ।



# ਸਿੱਖਾਂ ਉਤੇ ਹੋਣ ਵਾਲੇ ਜ਼ਬਰ ਸੰਬੰਧੀ ਬਰਤਾਨੀਆ ਦੇ ਸਿੱਖ ਐਮਪੀ ਬੀਬੀ ਪ੍ਰੀਤ ਕੌਰ ਗਿੱਲ ਵੱਲੋਂ ਪਾਰਲੀਮੈਂਟ ਵਿਚ ਆਵਾਜ ਉਠਾਉਣਾ ਸਵਾਗਤਯੋਗ : ਮਾਨ

ਨਵੀਂ ਦਿੱਲੀ, 28 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- "ਇੰਡੀਅਨ ਕੱਟੜਵਾਦੀ ਹੁਕਮਰਾਨਾਂ ਵੱਲੋਂ ਇੰਡੀਆਂ ਅਤੇ ਬਾਹਰਲੇ ਮੁਲਕਾਂ ਵਿਚ ਸਿਰਕੱਢ ਸਿੱਖ ਸਖਸੀਅਤਾਂ ਅਤੇ ਨੌਜਵਾਨੀ ਲੀਡਰਸ਼ਿਪ ਨੂੰ ਨਿਸ਼ਾਨਾਂ ਬਣਾਕੇ ਅਣਮਨੁੱਖੀ ਢੰਗ ਨਾਲ ਕਤਲ ਕਰਵਾਉਣ ਅਤੇ ਜ਼ਬਰ ਢਾਹੁਣ ਦੇ ਗੰਭੀਰ ਮੁੱਦੇ ਨੂੰ ਜੋ ਬਰਤਾਨੀਆ ਦੀ ਸਿੱਖ ਐਮ.ਪੀ ਬੀਬੀ ਪ੍ਰੀਤ ਕੌਰ ਗਿੱਲ ਵੱਲੋ ਬਾਦਲੀਲ ਢੰਗ ਨਾਲ ਯੂ ਕੇ ਦੀ ਪਾਰਲੀਮੈਂਟ ਵਿਚ ਆਵਾਜ ਉਠਾਕੇ ਸਿੱਖਾਂ ਉਤੇ ਹੋ ਰਹੇ ਜ਼ਬਰ ਦੇ ਮੁੱਦੇ ਨੂੰ ਕੌਮਾਂਤਰੀ ਪੱਧਰ ਤੇ ਉਠਾਉਦੇ ਹੋਏ ਹਿੰਦੂ ਹੁਕਮਰਾਨਾਂ ਦੇ ਜ਼ਬਰ ਵਿਰੁੱਧ ਜੋ ਸਟੈਂਡ ਲਿਆ ਹੈ, ਉਸਦਾ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਜਿਥੇ ਜੋਰਦਾਰ ਸਵਾਗਤ ਕਰਦਾ ਹੈ, ਉਥੇ ਬੀਬੀ ਐਮ.ਪੀ ਪ੍ਰੀਤ ਕੌਰ ਗਿੱਲ ਤੇ ਉਨ੍ਹਾਂ ਦੇ ਸਹਿਯੋਗੀਆਂ ਦਾ ਧੰਨਵਾਦੀ ਹੈ ।ਇਥੇ ਇਹ ਜ਼ਰੂਰੀ ਹੈ ਕਿ ਹਿੰਦ ਹਕੂਮਤ ਨੇ ਯੂਕੇ ਦੇ ਸਿੱਖ ਸਿਟੀਜਨ ਅਵਤਾਰ ਸਿੰਘ ਖੰਡਾ, ਕੈਨੇਡਾ ਵਿਖੇ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ, ਸੁਖਦੂਲ ਸਿੰਘ, ਪਾਕਿਸਤਾਨ ਵਿਚ ਪਰਮਜੀਤ ਸਿੰਘ ਪੰਜਵੜ ਅਤੇ ਲਖਬੀਰ ਸਿੰਘ ਰੋਡੇ, ਹਰਿਆਣਾ ਵਿਚ ਦੀਪ ਸਿੰਘ ਸਿੱਧੂ ਅਤੇ ਪੰਜਾਬ ਵਿਚ ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਆਪਣੀਆ ਏਜੰਸੀਆਂ ਰਾਹੀ ਕਤਲ ਕਰਵਾਏ ਹਨ ।ਜਿਨ੍ਹਾਂ ਦੇ ਸੱਚ ਨੂੰ ਕੈਨੇਡਾ, ਅਮਰੀਕਾ ਅਤੇ ਫਾਈਵ ਆਈ ਮੁਲਕਾਂ ਨੇ ਉਜਾਗਰ ਕਰਕੇ ਇਨਸਾਨੀਅਤ ਪੱਖੀ ਭੂਮਿਕਾ ਨਿਭਾਈ ਹੈ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਐਮ.ਪੀ ਅਤੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਯੂਕੇ ਦੀ ਐਮ.ਪੀ ਬੀਬੀ ਪ੍ਰੀਤ ਕੌਰ ਗਿੱਲ ਵੱਲੋ ਸਿੱਖਾਂ ਦੇ ਇੰਡੀਆਂ ਅਤੇ ਬਾਹਰਲੇ ਮੁਲਕਾਂ ਵਿਚ ਇੰਡੀਅਨ ਹੁਕਮਰਾਨਾਂ ਵੱਲੋ ਕੀਤੇ ਜਾ ਰਹੇ ਕਤਲਾਂ ਸੰਬੰਧੀ ਅਤੇ ਬਾਹਰਲੇ ਮੁਲਕਾਂ ਵਿਚ ਵੱਸ ਰਹੇ ਸਿੱਖਾਂ ਦੀ ਸੁਰੱਖਿਆ ਸੰਬੰਧੀ ਬਾਦਲੀਲ ਢੰਗ ਨਾਲ ਕੌਮਾਂਤਰੀ ਪੱਧਰ ਤੇ ਆਵਾਜ ਉਠਾਉਣ ਅਤੇ ਇੰਡੀਆਂ ਦੇ ਕਾਤਲ ਹੁਕਮਰਾਨਾਂ ਨੂੰ ਕੌਮਾਂਤਰੀ ਕਚਹਿਰੀ ਵਿਚ ਖੜ੍ਹਾ ਕਰਕੇ ਸਜਾਂ ਦਿਵਾਉਣ ਦੇ ਉੱਦਮਾਂ ਦੀ ਭਰਪੂਰ ਪ੍ਰਸੰਸਾਂ ਤੇ ਸਵਾਗਤ ਕਰਦੇ ਹੋਏ ਪ੍ਰਗਟ ਕੀਤੇ ।ਸ. ਮਾਨ ਨੇ ਪਬਲਿਕ ਹੈਂਲਥ ਸੁਰੱਖਿਆ ਵਜੀਰ ਮਿਸਟਰ ਟੌਮ ਟੂਗਨਧੈਤ ਵੱਲੋ ਇਸ ਗੰਭੀਰ ਵਿਸ਼ੇ ਉਤੇ ਅਮਲ ਕਰਨ ਦੇ ਵਿਚਾਰਾਂ ਤੇ ਫਾਈਵ ਆਈ ਮੁਲਕਾਂ ਵੱਲੋ ਇਸ ਗੰਭੀਰ ਵਿਸੇ ਉਤੇ ਸਾਂਝੀ ਰਣਨੀਤੀ ਬਣਾਕੇ ਇੰਡੀਆਂ ਵਿਚ ਅਤੇ ਬਾਹਰਲੇ ਮੁਲਕਾਂ ਵਿਚ ਸਿੱਖਾਂ ਦੇ ਕੀਤੇ ਜਾ ਰਹੇ ਮਨੁੱਖੀ ਅਧਿਕਾਰਾਂ ਦੇ ਉਲੰਘਣ ਦੀ ਰੱਖਿਆ ਲਈ ਲਏ ਗਏ ਸਟੈਂਡ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਜੋ ਇਨ੍ਹਾਂ ਮੁਲਕਾਂ ਵਿਚ ਸਿੱਖਾਂ ਦੀ ਸੁਰੱਖਿਆ ਲਈ ਸਾਂਝੀ ਰਣਨੀਤੀ ਬਣਾਈ ਜਾ ਰਹੀ ਹੈ ਇਹ ਮਨੁੱਖਤਾ ਪੱਖੀ ਪ੍ਰਸ਼ੰਸਾਯੋਗ ਉੱਦਮ ਹੈ ।ਇਨ੍ਹਾਂ ਫਾਈਵ ਆਈ ਮੁਲਕਾਂ ਵਿਚ ਕੈਨੇਡਾ, ਨਿਊਜੀਲੈਂਡ, ਅਮਰੀਕਾ, ਬਰਤਾਨੀਆ ਅਤੇ ਆਸਟ੍ਰੇਲੀਆ ਦੇ ਮੁਲਕ ਹਨ ।ਜਿਨ੍ਹਾਂ ਨੇ ਇਨਸਾਨੀਅਤ ਤੇ ਸਮਾਜਿਕ ਕਦਰਾਂ ਕੀਮਤਾਂ ਨੂੰ ਕਾਇਮ ਰੱਖਣ ਲਈ ਇਹ ਅਮਲ ਹੋਰ ਵੀ ਵਧੇਰੇ ਮਹੱਤਵਪੂਰਨ ਹੈ ।



## ਸਮਾਜ ਸੇਵੀ ਭਾਨ ਸਿੰਘ ਜੱਸੀ ਨੂੰ ਡਾ: ਬੀ ਆਰ ਅੰਬੇਡਕਰ ਦੇ ਪੋਤੇ ਨੇ ਕੀਤਾ ਸਨਮਾਨਿਤ, ਗਰੀਬ ਬੱਚਿਆਂ ਨੂੰ ਮੁਫਤ ਪੜਾਉਣ ਦੀ ਕੀਤੀ ਜਾ ਰਹੀ ਹੈ ਸੇਵਾ

ਸੇਰਪੁਰ 28 ਫਰਵਰੀ (ਪੱਤਰ ਪ੍ਰੇਰਕ ) ਸ੍ਰੀ ਗੁਰੂ ਨਾਨਕ ਸੇਵਾ ਮਿਸ਼ਨ ਦੇ ਮੁੱਖ ਪ੍ਰਬੰਧਕ ਅਤੇ ਪੰਜਾਬੀ ਸੱਭਿਆਚਾਰਕ ਸੱਥ ਦੇ ਸੂਬਾ ਸਰਪ੍ਰਸਤ , ਸਮਾਜ ਸੇਵੀ , ਭਾਨ ਸਿੰਘ ਜੱਸੀ ਨੂੰ ਚੰਡੀਗੜ੍ਹ ਵਿਖੇ ਹੋਏ ਸਮਾਗਮ ਦੌਰਾਨ ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ ਦੇ ਪੋਤੇ ਡਾਕਟਰ ਭੀਮ ਰਾਓ ਜਸਵੰਤ ਅੰਬੇਡਕਰ ਵੱਲੋਂ ਸਨਮਾਨਿਤ ਕੀਤਾ ਗਿਆ। ਸਮਾਜ ਸੇਵੀ ਇੰਜ: ਭਾਨ ਸਿੰਘ ਜੱਸੀ ਰਟਾ: ਜੇ.ਈ ਪਾਵਰਕੌਮ ਨੂੰ ਡਾਕਟਰ ਅੰਬੇਡਕਰ ਦੇ ਪੋਤਾ ਜੀ ਵੱਲੋਂ ਸਨਮਾਨ ਪੱਤਰ ਭੇਂਟ ਕਰਕੇ ਸਨਮਾਨਿਤ ਕੀਤੇ ਜਾਣ ਤੇ ਖੁਸ਼ੀ ਪ੍ਰਗਟ ਕਰਦਿਆਂ ਭਾਰਤੀ ਘੱਟ ਗਿਣਤੀਆਂ ਕਮਿਸ਼ਨ (ਭਾਰਤ ਸਰਕਾਰ ) ਦੇ ਸਾਬਕਾ ਉਪ ਚੇਅਰਮੈਨ ਪ੍ਰੋਫੈਸਰ ਬਾਵਾ ਸਿੰਘ , ਪੰਜਾਬੀ ਸੱਭਿਆਚਾਰਕ ਸੱਥ ਦੇ ਪ੍ਰਧਾਨ ਕਰਮਜੀਤ ਨੌਤਰਾਣੀ, ਮਨਰੇਗਾ ਆਗੂ ਰੇਸ਼ਮ ਸਿੰਘ ਕਾਹਲੋ , ਗੁਰਮੁਖ ਸਿੰਘ ਢੋਲਣ ਮਾਜਰਾ ,ਸੱਥ ਦੇ ਸਲਾਹਕਾਰ ਸਰਪੰਚ ਮੁਲਖਾ ਸਿੰਘ ਕੁੰਨਰ , ਸਰਪੰਚ ਯੂਨੀਅਨ ਜਿਲਾ ਸੰਗਰੂਰ ਦੇ ਪ੍ਰਧਾਨ ਸਰਪੰਚ ਜਸਵੀਰ ਸਿੰਘ ਛੰਨਾ ਆਦਿ ਜਮਹੂਰੀ ਜਥੇਬੰਦੀਆਂ ਦੇ ਆਗੂਆਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਕੀਤਾ ਗਿਆ, ਅਪਰੋਕਤ ਆਗੂਆਂ ਨੇ ਦੱਸਿਆ ਕਿ ਸਮਾਜ ਸੇਵੀ ਭਾਨ ਸਿੰਘ ਜੱਸੀ ਨੇ ਜਿੱਥੇ ਮਹਿਕਮਾ ਪਾਵਰਕੌਮ ਵਿੱਚ ਬਤੌਰ ਜੇ.ਈ ਕੰਮ ਕਰਦਿਆਂ ਵੀ ਇਮਾਨਦਾਰ ਕਦਰਾਂ ਕੀਮਤਾਂ ਦਾ ਪੱਲਾ ਨਹੀਂ ਛੱਡਿਆ ਉੱਥੇ , ਉਨਾਂ ਵੱਲੋਂ ਆਪਣੇ ਸਾਥੀਆਂ ਦੇ ਸਹਿਯੋਗ ਨਾਲ ਲਗਭਗ 20 ਸਾਲਾਂ ਤੋਂ ਲਗਾਤਾਰ ਝੁੱਗੀਆਂ ਅਤੇ ਸਲਮ ਖੇਤਰਾਂ ਵਿੱਚ ਰਹਿੰਦੇ ਗਰੀਬਾਂ ਦੇ ਬੱਚਿਆਂ ਨੂੰ ਮੁਫਤ ਸਿੱਖਿਆ ਦੇਣ ਦੀ ਸੇਵਾ , " ਸਰਬੱਤ ਦੇ ਭਲੇ " ਦੇ ਸੰਕਲਪ ਨੂੰ ਮੁੱਖ ਰੱਖਦਿਆਂ ਇਮਾਨਦਾਰੀ ਅਤੇ ਦ੍ਰਿੜਤਾ ਨਾਲ ਨਿਭਾਈ ਜਾ ਰਹੀ ਹੈ।



## ਜਨਮ ਦਿਨ ਮੁਬਾਰਕ

**ਅਮਰਾਜ਼ਦੀਪ ਸਿੰਘ ਰੰਧਾਵਾ**

ਪਿਤਾ : ਸੰਦੀਪ ਸਿੰਘ ਰੰਧਾਵਾ

ਮਾਤਾ : ਅਨੂਦੀਪ ਕੌਰ ਰੰਧਾਵਾ

ਪਿੰਡ ਚੰਨਣਕੇ

(ਸ੍ਰੀ ਅੰਮ੍ਰਿਤਸਰ ਸਾਹਿਬ)




ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ

# "ਇੰਟਰ-ਯੂਨੀਵਰਸਿਟੀ ਸਾਇੰਸ ਕੁਇਜ਼ ਮੁਕਾਬਲਾ" ਆਯੋਜਿਤ ਜੀ.ਕੇ.ਯੂ. ਰਹੀ ਜੇਤੂ





ਤਲਵੰਡੀ ਸਾਬੋ, 28 ਫਰਵਰੀ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਸਾਇੰਸਿਜ਼ ਦੇ ਫਿਜ਼ਿਕਸ ਵਿਭਾਗ ਵੱਲੋਂ ਉਪ ਕੁਲਪਤੀ ਪ੍ਰੋ.(ਡਾ.) ਐਸ.ਕੇ.ਬਾਵਾ ਦੀ ਪ੍ਰੇਰਣਾ ਸਦਕਾ ਇੰਟਰ ਯੂਨੀਵਰਸਿਟੀ "ਸਾਇੰਸ ਕੁਇਜ਼ ਮੁਕਾਬਲਾ" ਕਰਵਾਇਆ ਗਿਆ। ਇਸ ਮੌਕੇ ਇਨਾਮ ਵੰਡ ਸਮਾਰੋਹ ਵਿੱਚ ਐਸੋਸਿਏਟ ਡੀਨ ਅਕਾਦਮਿਕ, ਡਾ. ਪਰਦੀਪ ਕੌੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕਰਦੇ ਹੋਏ ਉਨ੍ਹਾਂ ਕਿਹਾ ਕਿ ਹੁਣ ਵਿਗਿਆਨ ਦਾ ਯੁੱਗ ਹੈ, ਵਿਦਿਆਰਥੀਆਂ ਨੂੰ ਮਨੁੱਖੀ ਜੀਵਨ ਸੁਖਾਲਾ, ਆਰਾਮਦਾਇਕ ਤੇ ਖੁਸ਼ਹਾਲ ਬਣਾਉਣ ਲਈ ਖੋਜ ਖੇਤਰ ਵਿੱਚ ਵੱਧ ਤੋਂ ਵੱਧ ਕੰਮ ਕਰਨ ਦੀ ਲੋੜ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਨਵੀਆਂ ਕਾਢਾਂ ਰਾਹੀਂ ਨਵੇਂ ਉਦਯੋਗ ਸਥਾਪਿਤ ਕਰਨ ਅਤੇ ਹੋਰਾਂ ਲਈ ਰੁਜ਼ਗਾਰ ਦੇ ਮੌਕੇ ਮੁਹੱਈਆ ਕਰਵਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਅਕਾਦਮਿਕ ਖੇਤਰ ਵਿੱਚ ਆ ਰਹੇ ਬਦਲਾਵਾਂ ਬਾਰੇ ਵੀ ਵਿਦਿਆਰਥੀਆਂ ਨਾਲ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਡਾ. ਸੀ.ਵੀ.ਰਮਨ ਵੱਲੋਂ ਵਿਗਿਆਨ ਦੇ ਖੇਤਰ ਵਿੱਚ ਪਾਏ ਯੋਗਦਾਨ 'ਤੇ ਚਾਨਣਾ ਪਾਇਆ। ਕੁਇਜ਼ ਮਾਸਟਰ ਦੀ ਭੂਮਿਕਾ ਡਾ. ਜੀਨੀਅਸ ਵਾਲੀਆ ਨੇ ਬਾਖੂਬੀ ਅਦਾ ਕੀਤੀ। ਉਨ੍ਹਾਂ ਦੱਸਿਆ ਕਿ ਇਸ ਕੁਇਜ਼ ਮੁਕਾਬਲੇ ਵਿੱਚ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ, ਸਰਕਾਰੀ ਰਜਿੰਦਰਾ ਕਾਲਜ (ਪੰਜਾਬੀ ਯੂਨੀਵਰਸਿਟੀ) ਅਤੇ ਜੀ.ਕੇ.ਯੂ. ਦੀਆਂ ਵੱਖ-ਵੱਖ ਫੈਕਲਟੀ ਦੀਆਂ 06 ਟੀਮਾਂ ਨੇ ਹਿੱਸਾ ਲਿਆ। ਜਿਸ ਵਿੱਚ 55 ਅੰਕਾਂ ਨਾਲ ਗੁਰੂ ਕਾਸ਼ੀ ਯੂਨੀਵਰਸਿਟੀ ਨੇ ਪਹਿਲਾ, 50 ਅੰਕਾਂ ਨਾਲ ਮਹਾਰਾਜਾ ਰਣਜੀਤ ਸਿੰਘ ਪੰਜਾਬ ਟੈਕਨੀਕਲ ਯੂਨੀਵਰਸਿਟੀ, ਬਠਿੰਡਾ ਨੇ ਦੂਜਾ ਅਤੇ 40 ਅੰਕਾਂ ਨਾਲ ਸਰਕਾਰੀ ਰਜਿੰਦਰਾ ਕਾਲਜ (ਪੰਜਾਬੀ ਯੂਨੀਵਰਸਿਟੀ) ਨੇ ਤੀਜਾ ਸਥਾਨ ਹਾਸਿਲ ਕੀਤਾ। ਜੇਤੂਆਂ ਨੂੰ ਆਯੋਜਕਾਂ ਵੱਲੋਂ ਸਰਟੀਫਿਕੇਟ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਐਸੋਸਿਏਟ ਡੀਨ, ਫੈਕਲਟੀ ਆਫ਼ ਸਾਇੰਸਿਜ਼, ਡਾ. ਸੁਨੀਤਾ ਰਾਣੀ ਨੇ ਸਭਨਾਂ ਨੂੰ ਧੰਨਵਾਦ ਕਰਦੇ ਹੋਏ ਵਿਦਿਆਰਥੀਆਂ ਨੂੰ ਅਕਾਦਮਿਕ ਗਿਆਨ ਦੇ ਨਾਲ ਨਾਲ ਵਿਗਿਆਨ ਦੇ ਖੇਤਰ ਵਿੱਚ ਹੋ ਰਹੀਆਂ ਨਵੀਆਂ ਕਾਢਾਂ ਅਤੇ ਬਦਲਾਵਾਂ ਪ੍ਰਤੀ ਜਾਗਰੂਕ ਰਹਿਣ ਦੀ ਸਲਾਹ ਦਿੱਤੀ।

# ਬਠਿੰਡਾ ਰੈਲੀ ਦੀ ਸਫਲਤਾ ਲਈ ਪੈਨਸ਼ਨਰ 3 ਨੂੰ ਕਰਨਗੇ ਮੀਟਿੰਗ—ਧਾਲੀਵਾਲ

ਫ਼ਿਰੋਜ਼ਪੁਰ, 28 ਫਰਵਰੀ (ਮਨੋਹਰ ਲਾਲ) :— ਜਨਤਕ ਜਥਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਕੀਤੀ ਜਾਣ ਵਾਲੀ ਰੈਲੀ ਦੇ ਸਬੰਧ ਵਿਚ ਪੰਜਾਬ ਫਰੈਸਟ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਵੱਲੋਂ 3 ਮਾਰਚ ਨੂੰ ਜਥੇਬੰਦੀ ਦੇ ਦਫਤਰ ਜ਼ੋਗਾ ਨੰਦ ਰੋਡ ਨੇੜੇ ਨਹਿਰ ਦਾ ਪੁੱਲ ਵਿਖੇ ਹੋਵੇਗੀ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਨੇ ਦੱਸਿਆ ਕਿ ਇਸ ਰੈਲੀ ਵਿੱਚ ਸ਼ਾਮਿਲ ਹੋਣ ਲਈ ਪੈਨਸ਼ਨਰ ਸਾਥੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਮੀਟਿੰਗ ਵਿਚ ਪੈਨਸ਼ਨਰ ਸਾਥੀਆਂ ਦੇ ਬਣਦੇ ਸੇਵਾ ਲਾਭ ਦੇਣ, ਮ੍ਰਿਤਕ ਮੁਲਾਜ਼ਮਾਂ ਦੇ ਪਰਿਵਾਰਾਂ ਨੂੰ ਨੌਕਰੀ ਦੇਣ, ਚਲਦੇ ਕੇਸਾਂ ਦਾ ਨਿਪਟਾਰਾ, ਡੀ.ਏ ਦਾ ਬਕਾਇਆ ਤੁਰੰਤ ਦੇਣ, ਨਵੀ ਭਰਤੀ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ, ਵਾਤਾਵਰਨ ਠੀਕ ਕਰਨ, ਸਾਫ ਪਾਣੀ ਅਤੇ ਹਵਾ, ਰੋਜ਼ਗਾਰ ਗਰੰਟੀ, ਸਿਹਤ ਸਹੂਲਤਾਂ ਦੇਣ, ਕਿਸਾਨਾਂ ਦੀਆਂ ਸਾਰੀਆਂ ਫ਼ਸਲਾਂ ਤੇ ਐਮ.ਐਸਪੀ ਲਾਗੂ ਕਰਾਉਣ ਸਬੰਧੀ ਬਠਿੰਡਾ ਵਿਖ਼ੇ ਕੀਤੀ ਜਾ ਰਹੀ ਰੈਲੀ ਨੂੰ ਸਫਲ ਬਨਾਉਣ ਲਈ ਮੀਟਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਮੂਹ ਸੂਬਾਈ ਆਗੂ ਅਤੇ ਮੈਂਬਰਾਂ ਨੂੰ ਮੀਟਿੰਗ ਵਿਚ ਹਾਜ਼ਰ ਹੋਣ ਦੀ ਅਪੀਲ ਕੀਤੀ ਜਾਂਦੀ ਹੈ ਕਿ ਮੀਟਿੰਗ ਉਪਰੰਤ ਰੈਲੀ ਚ ਸ਼ਾਮਿਲ ਹੋਣ ਲਈ ਰੋਡ ਮਾਰਚ ਕੀਤਾ ਜਾਵੇਗਾ।

# ਬਾਬਾ ਖੇਮ ਸਿੰਘ ਜੀ ਭੂਚੋ ਵਾਲਿਆਂ ਦੀ ਯਾਦ ਵਿਚ 5 ਲੜਕੀਆਂ ਦੇ ਵਿਆਹ





ਫ਼ਿਰੋਜ਼ਪੁਰ, 28 ਫਰਵਰੀ (ਮਨੋਹਰ ਲਾਲ) :— ਸੰਤ ਬਾਬਾ ਖੇਮ ਸਿੰਘ ਜੀ ਭੁਚੋ ਵਾਲਿਆਂ ਦੀ ਯਾਦ ਵਿਚ 5 ਲੜਕੀਆਂ ਦੇ ਵਿਆਹ ਕਰਵਾਏ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਤ ਮਹਾਂਪੁਰਸ਼ਾਂ ਨੇ ਦੱਸਿਆ ਕਿ ਸੰਤਾਂ ਦੀ ਜਗ੍ਹਾ ਪਰ ਸੰਤ ਬਾਬਾ ਸੁਖਦੇਵ ਸਿੰਘ ਜੀ ਭੁਚੋ ਵਾਲੇ ਸੇਵਾ ਨਿਭਾਅ ਰਹੇ ਹਨ। ਇਸ ਸਥਾਨ ਉਪਰ ਸੰਤ ਬਾਬਾ ਹਰਨਾਮ ਸਿੰਘ ਜੀ ਭੁਚੋ ਵਾਲੇ ਬਿਰਾਜਮਾਨ ਸਨ, ਇਹ ਮਹਾਂਪੁਰਸ਼ ਉਚ ਕੋਟੀ ਦੇ ਸਥਾਨ ਬਾਬਾ ਖੇਮ ਸਿੰਘ ਜੀ ਆਖਿਆ ਕਰਦੇ ਸਨ, ਮਹਾ ਬਾਬਾ ਹਰਨਾਮ ਸਿੰਘ ਜੀ ਇਸ ਡੇਰੇ ਦੀ ਉਪਮਾ ਬਹੁਤ ਹੈ, ਇਨ੍ਹਾਂ ਨੂੰ ਬਾਬਾ ਨੰਦ ਸਿੰਘ ਜੀ ਕਲੇਰਾਂ ਵਾਲਾ ਫਰਮਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਜੋੜਿਆਂ ਨੂੰ ਵਿਆਹਾਂ ਦਾ ਸਮਾਨ ਡਬਲ ਬੈਡ, ਇਕ—ਇਕ ਬਿਸਤਰਾ, ਇਕ ਪੇਟੀ, ਸਲਾਈ ਮਸ਼ੀਨ, ਪੱਖਾ, 11 ਸੂਟ ਲੜਕੀ ਦੇ ਇਕ ਠੰਡਾ ਬਿਸਤਰਾ ਦਿੱਤਾ ਜਾਵੇਗਾ। ਸੁਸਾਇਟੀ ਪ੍ਰਧਾਨ ਹਰਪਾਲ ਸਿੰਘ ਭੁੱਲਰ ਨੇ ਦੱਸਿਆ ਕਿ ਇਹ ਸਮਾਨ ਬਾਬਾ ਸੁਖਦੇਵ ਸਿੰਘ ਜੀ ਭੁਚੋ ਵਾਲਿਆਂ ਵੱਲੋਂ ਦਿੱਤਾ ਗਿਆ। ਇਸ ਗੱਦੀ ਉਪਰ ਪਹਿਲਾਂ ਮਹਾਂ ਬਾਬਾ ਹਰਨਾਮ ਸਿੰਘ ਜੀ ਸਨ, ਉਨ੍ਹਾਂ ਤੋਂ ਬਾਅਦ ਸੇਵਕ ਬਾਬਾ ਖੇਮ ਸਿੰਘ ਜੀ ਸਨ, ਹੁਣ ਇਸ ਗੱਦੀ ਉਪਰ ਬਾਬਾ ਸੁਖਦੇਵ ਸਿੰਘ ਭੁਚੋ ਵਾਲੇ ਹਨ। ਉਨ੍ਹਾਂ ਕਿਹਾ ਕਿ ਬਾਬਾ ਨੰਦ ਸਿੰਘ ਜੀ ਕਲੇਰਾਂ ਵਾਲਿਆਂ ਦੇ ਬਾਬਾ ਹਰਨਾਮ ਸਿੰਘ ਜੀ ਗੁਰੂ ਸਨ, ਉਨ੍ਹਾਂ ਦੀ ਮਹਿਮਾ ਦੇਸ਼ ਪ੍ਰਦੇਸ਼ ਵਿਚ ਹੈ। ਬਾਬਾ ਸੁਖਦੇਵ ਸਿੰਘ ਜੀ ਨੇ ਭੁਚੋ ਡੇਰੇ ਵਿਚ ਵੱਧ ਚੜ ਕੇ ਕੰਮ ਕਰਵਾ ਰਹੇ ਹਨ, ਇਥੋਂ ਦੀਆਂ ਇਮਾਰਤਾਂ ਨੂੰ ਸੁੰਦਰ ਰੂਪ ਦਿੱਤਾ ਗਿਆ ਹੈ, ਜ਼ੋ ਬੜਾ ਹੀ ਆਲੀਸ਼ਾਨ ਕੰਮ ਕਰਵਾ ਰਹੇ ਹਨ, ਦੁਨੀਆਂ ਭਰ ਵਿਚ ਇਸ ਦੀ ਵਡਿਆਈ ਹੋ ਰਹੀ ਹੈ।

# ਔਪੋਜੀਸ਼ਨ ਡੈਮੋਕਰੇਸੀ ਦੀ ਕਾਮਯਾਬੀ ਦਾ ਪਹਿਲਾ ਨੀਂਹ ਪੱਥਰ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 28 ਫਰਵਰੀ (ਮਨੋਹਰ ਲਾਲ) :— ਭਾਰਤ ਦਾ ਵਫਾਦਾਰ ਨਾਗਰਿਕ, ਜਨਤਾ ਦਾ ਸੇਵਕ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ, ਸੀਨੀਅਰ ਸਿਟੀਜਨ, ਸਮਾਜ ਸੁਧਾਰਕ, ਚਾਰ ਵੱਖ—ਵੱਖ ਮਾਸਟਰ ਡਿਗਰੀਆਂ ਪ੍ਰਾਪਤ ਕਰਤਾ ਬਹੁਤ ਸਾਰੇ ਦੇਸ਼ਾਂ ਦਾ ਅਧਿਆਨ ਕਰਤਾ ਸਮਾਜਕ ਸਿੱਖਿਆ, ਫਿਲਾਸਫੀ, ਰਾਜਨੀਤੀ ਨਾਲ ਵਿਚਰਦੇ ਹੋਏ ਸਿਹਤ ਸਿੱਖਿਆ ਦਾਇਰਿਆਂ ਖਾਸ ਕਰਕੇ ਸਰਕਾਰੀ ਅਰਧ ਸਰਕਾਰੀ, ਪ੍ਰਾਈਵੇਟ ਸਕੂਲਾਂ, ਮੈਡੀਕਲ ਤੇ ਸਿਹਤ ਸਿੱਖਿਆ ਵਿਚ ਵਿਚਰਦੇ ਹੋਏ ਹਜ਼ਾਰਾਂ ਨਹੀਂ ਲੱਖਾਂ ਬਲਕਿ ਜੇ ਕਰੋੜਾ ਕਰ ਦੇਵੋ ਤਾਂ ਝੂਠ ਨਹੀਂ ਬੱਚਿਆਂ, ਟੀਚਰਾਂ, ਮਾਪਿਆਂ, ਬੁੱਧੀਜੀਵੀਆਂ, ਆਮ ਲੋਕਾਂ ਵਿਚ ਵਿਚਰਦੇ ਹੋਏ ਇਸ ਨਿਸ਼ਕਰਮ ਤੇ ਪਹੁੰਚੇ ਪੀ.ਸੀ ਕੁਮਾਰ ਵੱਲੋਂ ਅੱਜ 83 ਸਾਲ ਤੋਂ ਵੱਧ ਉਮਰ ਵਿਚ ਰੋਜ਼ਾਨਾ ਧਾਰਮਿਕ, ਸ਼ੋਕ ਸਭਾਵਾਂ, ਸਰਕਾਰੀ, ਪ੍ਰਾਈਵੇਟ ਅਦਾਰਿਆਂ ਵਿਚ ਵਿਚਾਰ ਸਾਂਝੇ ਕਰਦੇ ਹੋਏ ਮੈਂ ਇਹ ਮਹਿਸੂਸ ਕੀਤਾ ਕਿ ਭਾਰਤ 75 ਸਾਲਾਂ ਤੋਂ ਜ਼ੋ ਰਾਜਨੀਤੀ ਦਾ ਦੌਰ ਚਲਾ ਰਿਹਾ ਹੈ, ਇਥੇ ਪਹਿਲੇ 35—40 ਸਾਲ ਇਹ ਹਾਲ ਸੀ ਗਧਾ—ਘੋੜਾ, ਖੱਚਰ ਜ਼ੋ ਵੀ ਕਾਂਗਰਸ ਵੱਲੋਂ ਖੜ੍ਹਾ ਹੋਇਆ ਜਾਂ ਟਿਕਟ ਮਿਲ ਗਈ ਉਹ ਜਿੱਤਿਆ ਹੀ ਜਿੱਤਿਆ, ਇਥੋਂ ਤੱਕ ਐਮ.ਐਲ.ਏ ਦੀ ਥੋੜੀ ਘਣੀ ਪਹਿਚਾਣ ਤੇ ਐਮ.ਪੀ ਇਹ ਕਰ ਵੋਟ ਸੁਣਦੀ ਹੈ, ਜਿਸ ਨੂੰ ਮਰਜੀ ਪਤਾ ਹੀ ਨਹੀਂ ਕਿਥੋਂ ਦਾ ਕਿਥੇ ਆ ਕੇ ਖੜ੍ਹਾ ਹੋ ਜਾਂਦਾ, ਕਾਂਗਰਸੀ ਸੀਟ ਜਿੱਤਿਆ ਹੀ ਜਿੱਤਿਆ ਐਮਰਜੈਂਸੀ, ਘੱਲੂਘਾਰਾ, ਆਤਕਵਾਦ ਸਮੇਂ ਕੁਝ ਲੋਕਤੰਤਰ ਸੰਘ ਤੇ ਦੂਜੇ ਕੁਝ ਪਾਰਟੀਆਂ ਦੇ ਵਰਕਰਾਂ ਨੂੰ ਜੇਲ੍ਹਾਂ ਵਿਚ ਕਰਕੇ ਕੁਝ ਸੋਚਆਈ ਔਪੋਜੀਸ਼ਨ, ਆਪਾ ਡੈਡ ਇਕੱਠੇ ਹੋ ਕੇ ਜਨਤਾ ਨੂੰ ਜਗਾ ਤਬਦੀਲੀ ਲਿਆਉਂਦੇ ਜ਼ੋ ਕੁਝ ਚਿਰਆਈ ਫਿਰ ਉਹੀ ਹਾਲ ਹੁਣ ਦਸ ਬਾਰਾਂ ਸਾਲਾਂ ਵਿਚ ਫਿਰ ਸੋਚ ਬਣੀ ਜ਼ੋ ਮਿਲ ਔਪੋਜੀਸ਼ਨ ਹੋਂਦ ਵਿਚ ਆਈ ਅੱਜ ਫਿਰ ਪਾਸਾ ਪਲਟਾ ਜ਼ੋ ਪਹਿਲਾਂ ਹਾਲ ਅੱਜ ਫਿਰ ਔਪੋਜੀਸ਼ਨ ਨਾਕੇ ਬਰਬਾਦ ਕਰ ਗਈ। ਅੱਜ ਜੇ ਕਿਤੇ ਸਟੇਟ ਵਿਚ ਆਈ ਉਹ ਵੀ ਇਕ ਪਾਰਟੀ ਬਣ ਜਨਤਾ ਦੀ ਸੁੱਧ ਲੈਣ ਵਾਲਾ ਨਹੀਂ ਜਿਥੋਂ ਤੱਕ ਪੰਚਾਇਤਾ, ਨਗਰ ਕੌਂਸਲਾਂ, ਨਿਗਮਾਂ, ਬੋਰਡਾਂ ਵਿਚ ਹੁਣ ਜਿਸ ਦੀ ਲਾਠੀ ਜਿਸ ਦੀ ਹਕੂਮਤ ਇਲੈਕਸ਼ਨ ਦਾ ਕੋਈ ਚੀਜ ਉਹਦੇ ਜਿੱਤੇ ਵੋਟਾਂ ਨਾ ਦੀ ਕੋਈ ਚੀਜ ਨਹੀਂ, ਜਦੋਂ ਕਿ ਪਹਿਲਾਂ ਪਾਰਟੀ ਸਿੰਬਲ ਤੋਂ ਬਗੈਰ ਵਧੀਆ ਇਨਸਾਨ ਮੁਕਾਬਲ ਬਗਰ ਬਹੁਤ ਵਧੀਆ ਪੱਲੇ ਢਾਚਾ ਹੁਣ ਇਕੋ ਇਕ ਸਭ ਪੇਟੂ ਨਾ ਕੋਈ ਧਰਮ ਜਾਤ ਪਾਰਟੀ ਨਾ ਕੋਈ ਕਾਬਲੀਅਤ ਇਕੋ ਇਕ ਜਿਹੜੀ ਪਾਰਟੀ ਦੀ ਹਕੂਮਤ ਉਸੇ ਵਿਚ ਜਾਤੀ ਹਿੱਤਾਂ ਨੂੰ ਮੁੱਖ ਰੱਖ ਨੌ ਨੌ ਵਾਰ ਮੰਤਰੀ ਸੰਤਰੀ ਜਨਤਾ ਨੂੰ ਭੇਡਾਂ ਬਕਰੀਆਂ ਸਮਝ ਦਲ ਨਹੀਂ ਦਿਲ ਬਦਲ ਬਨ ਇਸ ਵੋਟਾਂ ਦੀ ਮੁੱਖ ਪਹਿਚਾਨ ਔਪੋਜੀਸ਼ਨ ਖਤਮ ਹੋ ਕੇ ਪਾਕਿਸਤਾਨ ਮਿਲਟਰੀ ਦਾ ਬੋਲਬਾਲਾ ਇਥੇ ਰੂਲਿੰਗ ਬਗੈਰ ਔਪੋਜੀਸ਼ਨ ਦਾ ਕੋਈ ਚੋਣ ਕਮਿਸ਼ਨ, ਕੋਈ ਕਾਰਜਪਾਲਿਕ, ਕੋਈ ਪਲੇਨਿੰਗ ਕੋਈ ਨਿਆਏ ਬਸ ਜਿਥੇ ਇਸ ਪਾਰਟੀ ਦੀ ਹਕੂਮਤ ਉਸਦਾ ਸਿਕਾ ਕੋਈ ਸਨਵਾਈ ਨਹੀਂ ਬਸ ਲੁਟ ਝੀ ਹੈ, ਲੁਟ ਮੰਡੀ ਤੰਮਤੀ ਲੋਟੂ ਕੋਈ ਰਾਜ ਬੱਸ ਜੰਗਲ ਰਾਜ ਬਾਕੀ ਮੁਫਤ ਮੁਫਤ ਪੀਓ ਭੰਗ ਸਵੈ ਬਾਗੀ ਦੂਜੇ ਜੀਵਨਗੇ ਆਪਣੇ ਭਾਰਤੀ ਵਾਲੀ ਗੱਲ ਜਨਤਾ ਨਾਲੋ ਇਨ੍ਹਾਂ ਪਾਰਟੀਆਂ, ਸੂਬਿਆਂ, ਸੈਂਟਰ ਦੇ ਹੀ ਮਸਲੇ ਨਹੀਂ ਜਾ ਰਿਹੜੇ ਜਾ ਰਹੇ ਹਨ। ਜਨਤਾ ਦੀ ਕਿਸੇ ਪਾਸੇ ਕੋਈ ਇਲੈਕਸ਼ਨ ਬਾਦ ਨਹੀਂ ਸਨਦਾ, ਇਹ ਹੈ ਵੋਟਾਂ ਦਾ ਰਾਜ, ਹੁਣ ਫਿਰ ਸੋਚਣ ਵਿਚਾਰਨ ਦੀ ਲੋੜ, ਸਮਾਂ ਮੰਗ ਕਰਦਾ ਹੈ।

# ਯਾਦਗਾਰੀ ਹੋ ਨਿਬੜਿਆ ਪੈਨਸ਼ਨਰਾਂ ਦਾ ਸਨਮਾਨ ਸਮਾਰੋਹ



ਫ਼ਿਰੋਜ਼ਪੁਰ, 28 ਫਰਵਰੀ (ਮਨੋਹਰ ਲਾਲ) :— ਪੰਜਾਬ ਫਾਰੈਸਟ ਪੈਨਸ਼ਨ ਵੈਲਫੇਅਰ ਐਸੋਸੀਏਸ਼ਨ ਸੂਬਾ ਕਮੇਟੀ ਦੇ ਦਿਸ਼ਾ—ਨਿਰਦੇਸ਼ਾਂ ਤੇ ਸੀਨੀਅਰ ਵਣ ਪੈਨਸ਼ਨਰਾਂ ਦਾ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਆਗੂਆਂ ਨੇ ਦੱਸਿਆ ਕਿ ਮੰਡਲ ਕਮੇਟੀ ਹੁਸ਼ਿਆਰਪੁਰ ਦੇ ਪ੍ਰਧਾਨ ਬਲਵਿੰਦਰ ਕੁਮਾਰ ਮੈਨੀ, ਜਨਰਲ ਸਕੱਤਰ ਹਰਭਜਨ ਸਿੰਘ, ਰਾਮ ਆਰ.ਓ, ਮਨਜੀਤ ਸਿੰਘ ਰੇਂਜ ਅਫਸਰ, ਮੋਹਨ ਸਿੰਘ, ਸੁਰਜੀਤ ਸਿੰਘ ਰੇਂਜ ਅਫਸਰ ਅਤੇ ਵ੍ਹਨ੍ਹਾਂ ਦੇ ਜ਼ਿਲ੍ਹਾ ਸਾਥੀਆਂ ਵੱਲੋਂ ਵਣ ਚੇਤਨਾ ਕੇਂਦਰ ਟਰੇਨਿੰਗ ਸੈਂਟਰ ਹੁਸ਼ਿਆਰਪੁਰ ਦੇ ਪੰਡਾਲ ਵਿਚ ਇਕ ਬੇਹੱਦ ਪ੍ਰਭਾਵਸ਼ਾਲੀ ਸਨਮਾਨ ਸਮਾਰੋਹ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਆਈ.ਐਫ.ਐਫ ਵਣ ਮੰਡਲ ਅਫਸਰ ਹੁਸ਼ਿਆਰਪੁਰ ਨੇ ਕੀਤੀ, ਜਦੋਂ ਕਿ ਸ੍ਰੀ ਸਤਨਾਮ ਸਿੰਘ ਆਈ.ਐਸ.ਐਸ ਵਣ ਪਾੜ ਖੋਜ਼ ਸਰਕਲ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਸੂਬਾ ਕਮੇਟੀ ਵੱਲੋਂ ਸਾਥੀ ਜ਼ਸਦੀਪ ਸਿੰਘ ਢਿੱਲੋਂ ਸਰਪ੍ਰਸਤ, ਸੂਬਾ ਪ੍ਰਧਾਨ ਬਲਵਿੰਦਰ ਸਿੰਘ ਸੰਧੂ, ਜਨਰਲ ਸਕੱਤਰ ਮਹਿੰਦਰ ਸਿੰਘ ਧਾਲੀਵਾਲ, ਵਿੱਤ ਸਕੱਤਰ ਬਲਜੀਤ ਸਿੰਘ ਕੰਗ, ਉਪ ਪ੍ਰਧਾਨ ਰਛਪਾਲ ਸਿੰਘ, ਸੋਹਨ ਲਾਲ ਸ਼ਾਮਿਲ ਹੋਏ। ਇਹ ਸਮਾਰੋਹ ਉਦੋਂ ਹੋਰ ਵੀ ਪ੍ਰਭਾਵਸ਼ਾਲੀ ਬਣ ਗਿਆ, ਜਦੋਂ ਪੰਜਾਬ ਸਟੇਟ ਪੈਨਸ਼ਨ ਕਨਫਡਰੇਸ਼ਨ ਦੇ ਜਨਰਲ ਸਕੱਤਰ ਕੁਲਵਰਨ ਸਿੰਘ, ਜਥੇਬੰਦਕ ਸਕੱਤਰ ਗੁਰਚਰਨ ਸਿੰਘ ਸ਼ਾਮਲ ਹੋਏ। ਸਮਾਗਮ ਵਿਚ ਖਿੱਚ ਦਾ ਕੇਂਦਰ ਰਹੇ 80 ਸਾਲ ਉਮਰ ਵਿਚ ਤੰਦਰੁਸਤੀ ਮਾਣ ਰਹੇ ਸਾਥੀ ਪ੍ਰੀਤਮ ਸਿੰਘ ਸੁਪਰਡੈਂਟ, ਕਸ਼ਮੀਰ ਸਿੰਘ ਵਣ ਰੇਂਜ ਅਫਸਰ, ਤਰਲੋਚਨ ਸਿੰਘ ਸੁਪਰਡੈਂਟ, ਮਦਨ ਲਾਲ ਰੇਂਜ ਅਫਸਰ, ਦਿਆਲ ਸਿੰਘ ਬਲਾਕ ਅਫਸਰ, ਚਮਨ ਲਾਲ ਵਣ ਗਾਰਡ, ਪ੍ਰਗਟ ਸਿੰਘ ਬਲਾਕ ਅਫਸਰ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਕਸ਼ਮੀਰ ਸਿੰਘ, ਵਣ ਮੰਡਲ ਅਫਸਰ ਨਲਨੀ ਯਾਦਵ, ਸਤਨਾਮ ਸਿੰਘ ਵਣਪਾਲ, ਬਲਵਿੰਦਰ ਸਿੰਘ ਸੂਬਾ ਪ੍ਰਧਾਨ, ਜ਼ਸਦੀਪ ਸਿੰਘ ਢਿੱਲੋਂ, ਰਣਧੀਰ ਸਿੰਘ ਮੁੱਖ ਸਲਾਹਕਾਰ, ਮਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਬਲਜੀਤ ਸਿੰਘ ਕੰਗ ਵਿੱਤ ਸਕੱਤਰ, ਗੁਰਦੀਪ ਸਿੰਘ ਰੇਂਜ ਅਫਸਰ, ਬਲਵਿੰਦਰ ਕੁਮਾਰ ਮੈਨੀ, ਬਲਬੀਰ ਸਿੰਘ, ਅਵਤਾਰ ਸਿੰਘ, ਰਵੀ ਦੱਤ, ਸੁਰੇਸ਼ ਕੁਮਾਰ ਸ਼ਰਮਾ, ਪਲਵਿੰਦਰ ਸਿੰਘ, ਸੋਮ ਲਾਲ, ਜਗਜੀਵਨ ਲਾਲ, ਸਾਧੂ ਰਾਮ ਆਦਿ ਨੇ ਅੱਜ ਦੇ ਸਮਾਗਮ ਵਿਚ ਸਨਮਾਨਤ ਹੋਣ ਵਾਲੇ ਸਾਥੀਆਂ ਦੇ ਜੀਵਨ ਅਤੇ ਵਿਭਾਗੀ, ਜਥੇਬੰਦੀ ਵਿਚ ਪਾਏ ਯੋਗਦਾਨ ਤੇ ਚਾਨਣਾ ਪਾਇਆ ਅਤੇ ਸਨਮਾਨਿਤ ਸਾਥੀਆਂ ਨੂੰ ਵਧਾਈ ਦਿੱਤੀ। ਸੂਬਾ ਕਮੇਟੀ ਵੱਲੋਂ ਹੁਸ਼ਿਆਰਪੁਰ ਦੇ ਸਾਥੀਆਂ ਨੂੰ ਇਕ ਸਫਲ ਸਨਮਾਨ ਸਮਾਰੋਹ ਲਈ ਵਧਾਈ ਦਿੱਤੀ ਗਈ।

# ਵਾਰਿਸ ਪੰਜਾਬ ਦੇ ਜਥੇਬੰਦੀ ਦੇ ਪ੍ਰਧਾਨ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਸਾਥੀਆਂ ਨੂੰ ਜਦੀ ਤੋਂ ਜਲਦੀ ਪੰਜਾਬ ਦੀ ਜੇਲ੍ਹ ਵਿਚ ਤਬਦੀਲ ਕੀਤਾ ਜਾਵੇ—ਸੰਤ ਬਾਬਾ ਬੋਹੜ ਸਿੰਘ, ਭਾਈ ਹਰਪਿੰਦਰ ਸਿੰਘ ਤੂਤ

## ਬੰਦੀ ਸਿੰਘਾਂ ਦੀਆਂ ਬੈਰਕਾਂ ਵਿਚ ਜਾਸੂਸੀ ਕੈਮਰੇ ਲਾ ਕੇ ਨਿੱਜੀ ਜਿੰਦਗੀ ਵਿਚ ਦਖਲ ਦੇਣਾ ਮੰਦਭਾਗਾ





ਫ਼ਿਰੋਜ਼ਪੁਰ, 28 ਫਰਵਰੀ (ਮਨੋਹਰ ਲਾਲ) :— ਵਾਰਿਸ ਪੰਜਾਬ ਦੇ ਜਥੇਬੰਦੀ ਦੇ ਪ੍ਰਧਾਨ ਭਾਈ ਅੰਮ੍ਰਿਤਪਾਲ ਸਿੰਘ ਸਮੇਤ ਸਾਥੀਆਂ ਨੂੰ ਜਲਦੀ ਤੋਂ ਜਲਦੀ ਪੰਜਾਬ ਦੀ ਜੇਲ੍ਹ ਵਿਚ ਤਬਦੀਲ ਕੀਤਾ ਜਾਵੇ ਅਤੇ ਉਨ੍ਹਾਂ ਨੂੰ ਬਿਨ੍ਹਾਂ ਸ਼ਰਤ ਰਿਹਾਅ ਕੀਤਾ ਜਾਵੇ, ਕਿਉਂਕਿ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ 10 ਸਾਥੀ ਜ਼ੋ ਐਨ.ਐਸ.ਏ ਐਕਟ ਤਹਿਤ ਆਸਾਮ ਦੀ ਦਿਬਰੂਗੜ੍ਹ ਜੇਲ੍ਹ ਵਿਚ ਬੰਦ ਹਨ ਅਤੇ ਬੀਤੇ ਕਈ ਦਿਨਾਂ ਤੋਂ ਭੁੱਖ ਹੜਤਾਲ ਤੇ ਬੈਠੇ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲੇ, ਭਾਈ ਹਰਪਿੰਦਰ ਸਿੰਘ ਤੂਤ ਨੇ ਗੱਲਬਾਤ ਕਰਦਿਆਂ ਕਿਹਾ ਕਿ ਕਿੰਨੀ ਹੈਰਾਨੀ ਦੀ ਗੱਲ ਹੈ ਕਿ ਵਾਰਿਸ ਪੰਜਾਬ ਦੀ ਜਥੇਬੰਦੀ ਦੇ ਪ੍ਰਧਾਨ ਭਾਈ ਅੰਮ੍ਰਿਤਪਾਲ ਸਿੰਘ ਜਿਨ੍ਹਾਂ ਨੇ ਪੰਜਾਬ ਵਿਚੋਂ ਨਸ਼ਾ ਖਤਮ ਕਰਨ ਲਈ ਅੰਮ੍ਰਿਤ ਸੰਚਾਰ ਦੀ ਲਹਿਰ ਚਲਾਈ ਸੀ ਅਤੇ ਉਨ੍ਹਾਂ ਦੀ ਅੰਮ੍ਰਿਤ ਸੰਚਾਰ ਦੀ ਲਹਿਰ ਨਾਲ ਲੱਖਾਂ ਦੀ ਗਿਣਤੀ ਵਿਚ ਭੁਲੇ ਪਟਕੇ ਨੌਜਵਾਨ ਇਸ ਲਹਿਰ ਨੂੰ ਵੇਖਦਿਆਂ ਹੋਇਆ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਲੜ ਲੱਗੇ, ਇਹ ਗੱਲਾਂ ਸਰਕਾਰਾਂ ਨੂੰ ਹਜ਼ਮ ਨਹੀਂ ਹੋਏ, ਉਨ੍ਹਾਂ ਵੇਖਿਆ ਕਿ ਇਸ ਲਹਿਰ ਨੇ ਪੰਜਾਬ ਦਾ ਜਿਆਦਾ ਹਿੱਸਾ ਇਸ ਲਹਿਰ ਵਿਚ ਸ਼ਾਮਿਲ ਹੋ ਕੇ ਅੰਮ੍ਰਿਤ ਛੱਕ ਕੇ ਗੁਰੂ ਵਾਲਾ ਬਣ ਜਾਵੇਗਾ। ਇਸ ਲਈ ਸਰਕਾਰ ਨੇ ਇਨ੍ਹਾਂ ਉਪਰ ਐਨ.ਐਸ.ਏ ਐਕਟ ਤਹਿਤ ਆਸਾਮ ਦੀ ਦਿਬਰੂਗੜ੍ਹ ਜੇਲ੍ਹ ਵਿਚ ਭੇਜ਼ ਦਿੱਤਾ। ਬਾਬਾ ਜੀ ਨੇ ਅੱਗੇ ਦੱਸਿਆ ਕਿ ਦਿਬਰੂਗੜ੍ਹ ਜੇਲ੍ਹ ਵਿਚ ਜੇਲ੍ਹ ਪ੍ਰਸ਼ਾਸਨ ਵੱਲੋਂ ਉਨ੍ਹਾਂ ਦੀਆਂ ਬੈਰਕਾਂ ਦੇ ਬਾਥਰੂਮਾਂ ਵਿਚ 27 ਜ਼ਸੂਸੀ ਕੈਮਰੇ ਫਿੱਟ ਕਰਕੇ ਅਤੇ ਭੋਗਲ ਲਾ ਉਨ੍ਹਾਂ ਦੀ ਨਿੱਜੀ ਜਿੰਦਗੀ ਅਤੇ ਮੌਲਿਕ ਅਧਿਕਾਰਾਂ ਦੀ ਉਲੰਘਣਾ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ 10 ਸਾਥੀਆਂ ਦੀ ਸਿਹਤ ਦਿਨੋਂ—ਦਿਨ ਖਰਾਬ ਹੋ ਰਹੀ ਹੈ ਅਤੇ ਕਿਸੇ ਸਮੇਂ ਵੀ ਕੋਈ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ, ਇਸ ਲਈ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ 10 ਸਾਥੀਆਂ ਨੂੰ ਜਲਦੀ ਤੋਂ ਜਲਦੀ ਪੰਜਾਬ ਦੀ ਜੇਲ੍ਹ ਵਿਚ ਤਬਦੀਲ ਕੀਤਾ ਜਾਵੇ। ਬਾਬਾ ਜੀ ਨੇ ਅੱਗੇ ਕਿਹਾ ਕਿ ਇਸ ਸਬੰਧ ਵਿਚ ਭਾਈ ਅੰਮ੍ਰਿਤਪਾਲ ਸਿੰਘ ਦਾ ਸਾਰਾ ਪਰਿਵਾਰ ਵੀ ਭੁੱਖ ਹੜਤਾਲ ਉਪਰ ਕਾਫੀ ਦਿਨਾਂ ਤੋਂ ਅੰਮ੍ਰਿਤਸਰ ਸਾਹਿਬ ਵਿਖੇ ਵੀ ਭੁੱਖ ਹੜਤਾਲ ਤੇ ਬੈਠਾ ਹੋਇਆ ਹੈ। ਬਾਬਾ ਜੀ ਨੂੰ ਸਮੂਹ ਸਿੱਖ ਪੰਥ ਨੂੰ ਅਪੀਲ ਕੀਤੀ ਕਿ ਸਾਰੇ ਪੰਥਕ ਜਥੇਬੰਦੀਆਂ ਇਕ ਪਲੇਟਫਾਰਮ ਤੇ ਇਕੱਠੇ ਹੋ ਕੇ ਹਾਅ ਦਾ ਨਾਹਰਾ ਮਾਰੀਏ ਅਤੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਅਤੇ ਉਨ੍ਹਾਂ ਦੇ 10 ਸਾਥੀਆਂ ਨੂੰ ਪੰਜਾਬ ਦੀ ਜੇਲ੍ਹ ਵਿਚ ਤਬਦੀਲ ਕਰਵਾਈਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਨਾਨਕਸ਼ਾਹੀ ਸੰਮਤ 556 (ਸੰਨ 2024-24) ਸ੍ਰੀ ਗੁਰੂ ਅਮਰਦਾਸ ਜੀ ਦੇ 450 ਸਾਲਾ ਜੋਤੀ-ਜੋਤਿ ਦਿਵਸ ਨੂੰ ਸਮਰਪਿਤ। ਸ੍ਰੀ ਗੁਰੂ ਅਮਰਦਾਸ ਜੀ ਨੇ 'ਪਹਿਲੇ ਪੰਗਤ ਪਾਛੈ ਸੰਗਤ' ਸਿੱਖੀ ਸਿਧਾਂਤ ਸ਼ੁਰੂ ਕੀਤਾ

